
TOURIST VISA USA CANADA
SCHENGEN/ UK AUSTRALIA/ NZ
263 VISA
ਫਰਵਰੀ 2025 ਮਹੀਨੇ ਵਿੱਚ ਲੱਗੇ
easyvisa
8195 828282

ਸੱਚ ਤੇ ਨਿਡਰ ਆਵਾਜ਼
ਰੋਜ਼ਾਨਾ
# ਲੋਕ ਬਾਣੀ
DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ
ਸ਼ੁੱਕਰਵਾਰ,21 ਮਾਰਚ 2025
Email:- lokbani08@gmail.com




R. N. I. Punpun/29016/2008 * ਸਾਲ 16 , * ਅੰਕ : 271 * ਮੁੱਲ : 6 ਰੁਪਏ * ਕੁੱਲ ਪੇਜ: 10 * ਦਫਤਰ : 0181-2211009 * M : 99155-94111

263 VISA
ਫਰਵਰੀ 2025
ਮਹੀਨੇ ਵਿੱਚ ਲੱਗੇ
TOURIST VISA
USA/ SCHENGEN
CANADA/ AUSTRALIA/ UK/ NZ
easyvisa
8195 828282
ਅਪਲਾਈ ਕਰਨ ਤੋਂ ਪਹਿਲਾਂ ਲੱਗੇ ਹੋਏ ਵੀਜ਼ਾ ਜ਼ਰੂਰ ਚੈਕ ਕਰੋ ਫਿਰ ਅਪਲਾਈ ਕਰੋ

## ਮਾਰਕ ਕਾਰਨੇ ਦੀ ਅਗਵਾਈ ਹੇਠ ਲਿਬਰਲ ਪਾਰਟੀ ਦਾ ਮੁੜ ਉਭਾਰ



ਵੈਨਕੂਵਰ, ਲੋਕ ਬਾਣੀ-ਸਫ਼ਲ ਬੈਂਕਰ ਸਾਬਤ ਹੋ ਚੁੱਕੇ ਮਾਰਕ ਕਾਰਨੇ ਵਲੋਂ ਕੈਨੇਡਾ ਦੀ ਲਿਬਰਲ ਪਾਰਟੀ ਦੀ ਕਮਾਂਡ ਸੰਭਾਲਣ ਅਤੇ ਪ੍ਰਧਾਨ ਮੰਤਰੀ ਬਣਨ ਮਗਰੋਂ ਪਾਰਟੀ ਦਾ ਉਭਾਰ ਹੋਣ ਲੱਗਾ ਹੈ। ਇਸ ਤੋਂ ਪਹਿਲਾਂ ਪਾਰਟੀ ਦੀ ਲੋਕਪ੍ਰਿਅਤਾ 'ਚ ਨਿਘਾਰ ਆ ਰਿਹਾ ਸੀ।9 ਮਾਰਚ ਨੂੰ ਬਹੁਮਤ ਨਾਲ ਪਾਰਟੀ ਲੀਡਰ ਬਣੇ ਮਾਰਕ ਕਾਰਨੇ ਵਲੋਂ 14 ਮਾਰਚ ਨੂੰ ਪ੍ਰਧਾਨ ਮੰਤਰੀ ਵਜੋਂ ਅਹੁਦਾ ਸੰਭਾਲਣ ਦੇ ਚਾਰ ਦਿਨ ਬਾਅਦ ਭਰੋਸੇਯੋਗ ਸਰਵੇਖਣ ਏਜੰਸੀ ਦੇ ਸਰਵੇਖਣ 'ਚ ਸਾਹਮਣੇ ਆਇਆ ਹੈ ਕਿ ਜੇ ਹੁਣੇ ਸੰਸਦੀ ਚੋਣਾਂ ਹੋ ਜਾਣ ਤਾਂ ਲਿਬਰਲ ਪਾਰਟੀ 338 ਮੈਂਬਰੀ ਹਾਊਸ ਵਿੱਚ ਬਹੁਮਤ ਹਾਸਲ ਕਰ ਸਕਦੀ ਹੈ।

## ਡਿਬਰੂਗੜ੍ਹ ਜੇਲ੍ਹ ਤੋਂ ਰਿਹਾਅ ਅੰਮ੍ਰਿਤਪਾਲ ਦੇ ਸੱਤ ਸਾਥੀ ਦਿੱਲੀ ਪੁੱਜੇ; ਭਲਕੇ ਅੰਮ੍ਰਿਤਸਰ ਪੁੱਜਣ ਦੀ ਸੰਭਾਵਨਾ



ਅੰਮ੍ਰਿਤਸਰ, , ਲੋਕ ਬਾਣੀ-ਸ੍ਰੀ ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅਤੇ ਖਾਲਿਸਤਾਨ ਪੱਖੀ ਆਗੂ ਅੰਮ੍ਰਿਤਪਾਲ ਸਿੰਘ ਦੇ ਸੱਤ ਸਾਥੀ, ਜਿਨ੍ਹਾਂ ਖਿਲਾਫ਼ ਐੱਨਐੱਸਏ ਦੀ ਮਿਆਦ ਖਤਮ ਹੋ ਗਈ ਸੀ ਅਤੇ ਇਸ ਵਿੱਚ ਹੋਰ ਵਾਧਾ ਨਹੀਂ ਕੀਤਾ ਗਿਆ ਹੈ, ਦਿੱਲੀ ਪੁੱਜ ਗਏ ਹਨ ਤੇ ਉਨ੍ਹਾਂ ਦੇ ਸ਼ੁੱਕਰਵਾਰ (21 ਮਾਰਚ) ਨੂੰ ਅੰਮ੍ਰਿਤਸਰ ਪੁੱਜਣ ਦੀ ਸੰਭਾਵਨਾ ਹੈ।ਅੰਮ੍ਰਿਤਪਾਲ ਸਿੰਘ ਦੇ ਇਨ੍ਹਾਂ ਸਾਥੀਆਂ ਨੂੰ ਲੈਣ ਲਈ ਅੰਮ੍ਰਿਤਸਰ ਤੋਂ ਐੱਸਪੀ ਹਰਿੰਦਰ ਸਿੰਘ ਗਿੱਲ ਦੀ ਅਗਵਾਈ ਹੇਠ ਇੱਕ ਵੱਡੀ ਪੁਲੀਸ ਟੀਮ ਅਸਾਮ ਗਈ ਸੀ।

## ਸਮਝਦਾਰ ਕਪਤਾਨ ਰਣਨੀਤੀ ਬਦਲਦਾ ਹੈ, ਖੇਡ ਨਹੀਂ: ਉਮਰ ਅਬਦੁੱਲਾ



ਜੰਮੂ, ਲੋਕ ਬਾਣੀ -ਭਾਜਪਾ ਨਾਲ ਨੇੜਤਾ ਵਧਾਉਣ ਦੇ ਕਿਆਸਾਂ ਦਰਮਿਆਨ ਜੰਮੂ ਕਸ਼ਮੀਰ ਦੇ ਮੁੱਖ ਮੰਤਰੀ ਉਮਰ ਅਬਦੁੱਲਾ ਨੇ ਅੱਜ ਕਿਹਾ ਕਿ ਉਨ੍ਹਾਂ ਨੂੰ ਪਾਲੇ ਬਦਲਣ ਦੀ ਆਦਤ ਨਹੀਂ ਹੈ। ਅਬਦੁੱਲਾ ਨੇ ਜ਼ੋਰ ਦੇ ਕੇ ਆਖਿਆ ਕਿਹਾ ਕਿ ਸਮਝਦਾਰ ਕਪਤਾਨ ਰਣਨੀਤੀ ਬਦਲਦਾ ਹੈ ਖੇਡ ਨਹੀਂ।

ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਆਪਣੀ ਰਣਨੀਤੀ ਵਿਚ ਬਦਲਾਅ ਜ਼ਰੂਰ ਕੀਤਾ ਹੈ। ਅਬਦੁੱਲਾ ਨੇ ਕਿਹਾ ਕਿ ਉਹ ਕਿਸੇ ਵੀ ਮੁੱਦੇ 'ਤੇ ਗੱਲਬਾਤ ਕਰਨ ਤੋਂ ਨਹੀਂ ਡਰਦੇ। ਉਨ੍ਹਾਂ ਭਾਜਪਾ ਨੂੰ ਚੁਣੌਤੀ ਦਿੱਤੀ ਕਿ ਉਹ ਇਹ ਸਾਬਤ ਕਰਨ ਕਿ ਉਨ੍ਹਾਂ ਦੀ ਪਾਰਟੀ ਨੈਸ਼ਨਲ ਕਾਨਫਰੰਸ ਨੇ ਆਖਰੀ ਡੋਗਰਾ ਸਮਰਾਟ ਮਹਾਰਾਜਾ ਹਰੀ ਸਿੰਘ ਦਾ ਕਦੇ ਨਿਰਾਦਰ ਕੀਤਾ ਸੀ।

## ਪਾਣੀ ਲੈਣ ਸਬੰਧੀ ਭਰਾ ਨਾਲ ਝਗੜੇ 'ਚ ਹੋਈ ਗੋਲੀਬਾਰੀ ਕਾਰਨ ਕੇਂਦਰੀ ਮੰਤਰੀ ਦਾ ਭਾਣਜਾ ਹਲਾਕ



ਭਾਗਲਪੁਰ ਲੋਕ ਬਾਣੀ- ਬਿਹਾਰ ਦੇ ਇੱਕ ਪਿੰਡ ਵਿੱਚ ਵੀਰਵਾਰ ਨੂੰ ਟੂਟੀ ਦਾ ਪਾਣੀ ਲੈਣ ਦੇ ਮਾਮਲੇ 'ਤੇ ਹੋਇਆ ਝਗੜਾ ਭਿਆਨਕ ਲੜਾਈ ਤੇ ਗੋਲੀਬਾਰੀ ਵਿਚ ਬਦਲ ਗਿਆ, ਜਿਸ ਕਾਰਨ ਕੇਂਦਰੀ ਮੰਤਰੀ ਨਿਤਿਆਨੰਦ ਰਾਏ (Union minister Nityananda Rai) ਦੇ ਭਾਣਜੇ ਦੀ ਮੌਤ ਹੋ ਗਈ। ਪੁਲੀਸ ਨੇ ਇਹ ਜਾਣਕਾਰੀ ਦਿੰਦਿਆਂ ਦੱਸਿਆ ਘਟਨਾ ਵਿਚ ਗੋਲੀਬਾਰੀ ਵਿਚ ਮ੍ਰਿਤਕ ਦੀ ਮਾਂ ਅਤੇ ਭਰਾ ਗੰਭੀਰ ਜ਼ਖਮੀ ਹੋ ਗਏ।

## ਸ਼ੰਭੂ ਬਾਰਡਰ 'ਤੇ ਆਵਾਜਾਈ ਪੂਰੀ ਤਰ੍ਹਾਂ ਬਹਾਲ; ਖਨੌਰੀ ਬਾਰਡਰ 'ਤੇ ਰਸਤਾ ਖੋਲ੍ਹਣ ਲਈ ਕੋਸ਼ਿਸ਼ਾਂ ਜਾਰੀ



ਪਟਿਆਲਾ/ਲੋਕ ਬਾਣੀ -: ਸ਼ੰਭੂ ਬਾਰਡਰ ਰਾਹੀਂ ਅੰਮ੍ਰਿਤਸਰ ਤੋਂ ਦਿੱਲੀ ਨੂੰ ਜਾਣ ਵਾਲੀ ਆਵਾਜਾਈ ਅੱਜ ਸ਼ਾਮੀਂ ਪੂਰੀ ਤਰ੍ਹਾਂ ਬਹਾਲ ਹੋ ਗਈ ਹੈ ਜਦੋਂਕਿ ਖਨੌਰੀ ਬਾਰਡਰ 'ਤੇ ਰਸਤਾ ਖੋਲ੍ਹਣ ਲਈ ਕੋਸ਼ਿਸ਼ਾਂ ਜਾਰੀ ਹਨਹਰਿਆਣਾ ਪ੍ਰਸ਼ਾਸਨ ਵੱਲੋਂ ਘੱਗਰ 'ਤੇ ਲਾਈਆਂ ਗਈਆਂ ਜ਼ਬਰਦਸਤ ਰੋਕਾਂ ਹਟਾ ਕੇ ਇਸ ਦੋਹਰੀ ਸੜਕ ਵਿੱਚੋਂ ਇੱਕ ਪਾਸੇ ਦੀ ਆਵਾਜਾਈ ਤਾਂ ਸ਼ਾਮੀਂ ਪੌਣੇ ਪੰਜ ਵਜੇ ਬਹਾਲ ਕਰ ਦਿੱਤੀ ਗਈ ਸੀ ਜਦ ਕਿ ਦੂਜੇ ਪਾਸੇ/ਦੂਜੀ ਸੜਕ ਦੀ ਆਵਾਜਾਈ ਵੀ ਤਕਰੀਬਨ ਪੌਣੇ ਸੱਤ ਵਜੇ ਬਹਾਲ ਕਰ ਦਿੱਤੀ ਗਈ ਹੈ। ਇਸ ਤਰ੍ਹਾਂ ਹੁਣ ਰਾਜਪੁਰਾ ਤੋਂ ਅੰਬਾਲਾ ਅਤੇ ਅੰਬਾਲਾ ਤੋਂ ਰਾਜਪੁਰਾ ਵੱਲ ਦੋਵਾਂ ਪਾਸਿਆਂ ਤੋਂ ਦੋਵਾਂ ਸੜਕਾਂ 'ਤੇ ਆਵਾਜਾਈ ਬਹਾਲ ਹੋ ਗਈ ਹੈ।

## ਪੰਜਾਬ ਸਰਕਾਰ ਵੱਲੋਂ ਐੱਸਕੇਐੱਮ (ਆਲ ਇੰਡੀਆ) ਨੂੰ ਗੱਲਬਾਤ ਦਾ ਸੱਦਾ



ਮਾਨਸਾ, (ਲੋਕ ਬਾਣੀ)-ਸ਼ੰਭੂ ਅਤੇ ਖਨੌਰੀ ਬਾਰਡਰਾਂ ਤੋਂ ਕਿਸਾਨਾਂ ਖ਼ਿਲਾਫ਼ ਕਾਰਵਾਈ ਕਰਨ ਤੋਂ ਬਾਅਦ ਹੁਣ ਪੰਜਾਬ ਸਰਕਾਰ ਨੇ ਭਲਕੇ 21 ਮਾਰਚ ਨੂੰ ਸੰਯੁਕਤ ਕਿਸਾਨ ਮੋਰਚਾ (ਆਲ ਇੰਡੀਆ) ਦੇ ਆਗੂਆਂ ਨੂੰ ਮੀਟਿੰਗ ਦਾ ਸੱਦਾ ਦਿੱਤਾ ਹੈ। ਸੂਬੇ ਦੇ ਖੇਤੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਪੰਜਾਬ ਸਰਕਾਰ ਵੱਲੋਂ ਕਿਸਾਨ ਆਗੂਆਂ ਨਾਲ ਗੱਲਬਾਤ ਕਰਨਗੇ।ਪੰਜਾਬ ਸਰਕਾਰ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੇ ਡਾਇਰੈਕਟਰ ਵਲੋਂ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਅਤੇ ਸੰਯੁਕਤ ਕਿਸਾਨ ਮੋਰਚੇ ਦੇ ਪੰਜਾਬ ਚੈਪਟਰ ਨੂੰ ਸੱਦਾ ਪੱਤਰ ਭੇਜਿਆ ਗਿਆ ਹੈ।

## ਬਟਾਲਾ ਚ ਪੁਲਿਸ ਨੇ ਨਸ਼ਾ ਤਕਸਰ ਜੀਵਨ ਕੁਮਾਰ ਦੀ ਕੋਠੀ ਢਾਹੀ




ਬਟਾਲਾ, ਲੋਕ ਬਾਣੀ- ਪੰਜਾਬ ਸਰਕਾਰ ਵਲੋਂ ਨਸ਼ਿਆਂ ਖਿਲਾਫ ਸ਼ੁਰੂ ਕੀਤੀ ਗਈ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਨਸ਼ਾ ਤਸਕਰਾਂ ਵਿਰੁੱਧ ਕਾਰਵਾਈ ਕਰਦੇ ਹੋਏ ਅੱਜ ਬਟਾਲਾ ਪੁਲਿਸ ਨੇ ਨਸ਼ਾ ਤਸਕਰ ਜੀਵਨ ਕੁਮਾਰ ਪੁੱਤਰ ਗੁਲਸ਼ਨ ਕੁਮਾਰ ਵਾਸੀ ਗਾਂਧੀ ਨਗਰ ਕੈਂਪ ਬਟਾਲਾ ਦੀ ਕੋਠੀ ਜੇ.ਸੀ.ਬੀ. ਮਸ਼ੀਨਾਂ ਲਗਾ ਕੇ ਢਾਹ ਦਿੱਤੀ। ਇਸ ਮੌਕੇ ਬਟਾਲਾ ਦੇ ਐਸ.ਐਸ.ਪੀ. ਸੁਹੇਲ ਕਾਸਿਮ ਮੀਰ ਨੇ ਦੱਸਿਆ ਕਿ ਇਸ ਨਸ਼ਾ ਤਸਕਰ ਦੇ ਖਿਲਾਫ਼ ਵੱਖ-ਵੱਖ ਥਾਣਿਆਂ ਵਿਚ ਮੁਕੱਦਮੇ ਦਰਜ ਹਨ। ਉਨ੍ਹਾਂ ਦੱਸਿਆ ਕਿ ਨਸ਼ਾ ਤਸਕਰ ਜੀਵਨ ਕੁਮਾਰ 'ਤੇ ਐਨ.ਡੀ.ਪੀ.ਐਸ ਐਕਟ ਤਹਿਤ ਤਿੰਨ ਪਰਚੇ ਦਰਜ ਹਨ। ਉਨ੍ਹਾਂ ਕਿਹਾ ਕਿ ਇਸ ਤੇ ਲੱਗੀਆਂ ਧਾਰਾਵਾਂ ਅਤੇ ਇਸ ਦੀ ਕੇਸ ਹਿਸਟਰੀ ਤੋਂ ਸਪੱਸ਼ਟ ਹੈ ਕਿ ਇਹ ਨਸ਼ਾ ਤਸਕਰੀ ਦੇ ਧੰਦੇ ਵਿਚ ਲੰਮੇ ਸਮੇਂ ਤੋਂ ਸ਼ਾਮਿਲ ਹਨ।

## ਹਿਰਾਸਤ ਚ ਲਏ ਕਿਸਾਨਾਂ ਨੂੰ ਜਲਦ ਰਿਹਾਅ ਕਰੇ ਸਰਕਾਰ - ਜਥੇ. ਰਣੀਕੇ



ਅਟਾਰੀ ਲੋਕ ਬਾਣੀ- ਸਰਕਾਰ ਨੇ ਕਿਸਾਨੀ ਮੰਗਾਂ ਨੂੰ ਲੈ ਕੇ ਮੀਟਿੰਗ ਕਰਨ ਦੇ ਬਹਾਨੇ ਬੁਲਾ ਕੇ ਗਲਤ ਕੀਤਾ। ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਸਾਬਕਾ ਮੰਤਰੀ ਜਥੇ. ਗੁਲਜਾਰ ਸਿੰਘ ਰਣੀਕੇ ਵਲੋਂ ਇਸ ਕਾਰਵਾਈ ਦੀ ਸਖਤ ਨਿੰਦਾ ਕੀਤੀ ਗਈ9 ਇਸ ਦੌਰਾਨ ਉਨ੍ਹਾਂ ਤੁਰੰਤ ਰਿਹਾਈ ਲਈ ਕਿਹਾ।




ਪੰਜਾਬ ਦੇ ਹਰ ਜ਼ਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

# ਯੁੱਧ ਨਸ਼ਿਆਂ ਵਿਰੁੱਧ 19ਵੇਂ ਦਿਨ ਵੀ ਜਾਰੀ: ਪੰਜਾਬ ਪੁਲਿਸ ਵੱਲੋਂ 567 ਥਾਵਾਂ 'ਤੇ ਛਾਪੇਮਾਰੀ, 111 ਨਸ਼ਾ ਤਸਕਰ ਕਾਬੂ




ਚੰਡੀਗੜ੍ਹ-(ਲੋਕ ਬਾਣੀ) ': ਸੂਬੇ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸ਼ੁਰੂ ਕੀਤੇ ਗਏ ਯੁੱਧ ਨਸ਼ਿਆਂ ਵਿਰੁੱਧ ਨੂੰ ਲਗਾਤਾਰ 19ਵੇਂ ਦਿਨ ਜਾਰੀ ਰੱਖਦਿਆਂ ਪੰਜਾਬ ਪੁਲਿਸ ਵੱਲੋਂ ਅੱਜ 567 ਥਾਵਾਂ ਤੇ ਛਾਪੇਮਾਰੀ ਕੀਤੀ ਗਈ ਹੈ ਜਿਸ 111 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ 74 ਐਫਆਈਆਰ ਦਰਜ ਕੀਤੀਆਂ ਗਈਆਂ ਹਨ। ਇਸ ਦੇ ਨਾਲ ਹੀ 19 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 2366 ਹੋ ਗਈ ਹੈ।

ਪੁਲਿਸ ਟੀਮਾਂ ਨੇ ਫੜੇ ਗਏ ਨਸ਼ਾ ਤਸਕਰਾਂ ਦੇ ਕਬਜ਼ੇ ਚੋਂ 3.5 ਕਿਲੋਗ੍ਰਾਮ ਹੈਰੋਇਨ, 1.6 ਕਿਲੋ ਅਫੀਮ, 2050 ਨਸ਼ੀਲੀਆਂ ਗੋਲੀਆਂ/ਕੈਪਸੂਲ/ਟੀਕੇ ਅਤੇ 52310 ਰੁਪਏ ਦੀ ਡਰੱਗ ਮਨੀ ਵੀ ਬਰਾਮਦ ਕੀਤੀ ਹੈ।

ਇਹ ਆਪ੍ਰੇਸ਼ਨ ਡਾਇਰੈਕਟਰ ਜਨਰਲ ਆਫ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਦੇ ਨਿਰਦੇਸ਼ਾਂ 'ਤੇ ਸੂਬੇ ਦੇ ਸਾਰੇ 28 ਪੁਲਿਸ ਜ਼ਿਲਿਆਂ ਵਿੱਚ ਇੱਕੋ ਸਮੇਂ ਚਲਾਇਆ ਗਿਆ।

ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੁਲਿਸ ਕਮਿਸ਼ਨਰਾਂ, ਡਿਪਟੀ ਕਮਿਸ਼ਨਰਾਂ ਅਤੇ ਸੀਨੀਅਰ ਸੁਪਰਡੈਂਟ ਆਫ਼ ਪੁਲਿਸ ਨੂੰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਦੇ ਹੁਕਮ ਦਿੱਤੇ ਗਏ ਹਨ। ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਜੰਗ ਦੀ ਨਿਗਰਾਨੀ ਲਈ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਹੇਠ 5 ਮੈਂਬਰੀ ਕੈਬਨਿਟ ਸਬ ਕਮੇਟੀ ਵੀ ਬਣਾਈ ਗਈ ਹੈ।

ਆਪਰੇਸ਼ਨ ਸਬੰਧੀ ਜਾਣਕਾਰੀ ਦਿੰਦਿਆਂ ਸਪੈਸ਼ਲ ਡੀਜੀਪੀ ਲਾਅ ਐਂਡ ਆਰਡਰ ਅਰਪਿਤ ਸ਼ੁਕਲਾ ਨੇ ਦੱਸਿਆ ਕਿ 89 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 1800 ਤੋਂ ਵੱਧ ਪੁਲਿਸ ਮੁਲਾਜ਼ਮਾਂ ਵਾਲੀਆਂ 250 ਤੋਂ ਵੱਧ ਪੁਲਿਸ ਟੀਮਾਂ ਵੱਲੋਂ ਸੂਬੇ ਭਰ ਵਿੱਚ ਛਾਪੇਮਾਰੀ ਕੀਤੀ ਗਈ ਹੈ ਅਤੇ ਦਿਨ ਭਰ ਚੱਲੇ ਇਸ ਆਪ੍ਰੇਸ਼ਨ ਦੌਰਾਨ 652 ਸ਼ੱਕੀ ਵਿਅਕਤੀਆਂ ਦੀ ਜਾਂਚ ਕੀਤੀ ਗਈ ਹੈ।

ਸਪੈਸ਼ਲ ਡੀਜੀਪੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸੂਬੇ 'ਚੋਂ ਨਸ਼ਿਆਂ ਦੇ ਖਾਤਮੇ ਲਈ ਤਿੰਨ-ਪੱਖੀ ਰਣਨੀਤੀ - ਇਨਫੋਰਸਮੈਂਟ, ਡੀ-ਅਡਿਕਸ਼ਨ ਅਤੇ ਪ੍ਰੀਵੈਂਸ਼ਨ (ਈਡੀਪੀ) - ਲਾਗੂ ਕੀਤੀ ਗਈ ਹੈ ਅਤੇ ਪੰਜਾਬ ਪੁਲਿਸ ਵੱਲੋਂ ਇਸ ਰਣਨੀਤੀ ਦੇ 'ਡੀ-ਅਡਿਕਸ਼ਨ' ਹਿੱਸੇ ਵਜੋਂ 1 ਵਿਅਕਤੀ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਇਲਾਜ ਕਰਵਾਉਣ ਲਈ ਪ੍ਰੇਰਿਆ ਗਿਆ ਹੈ, ਜਦਕਿ ਪ੍ਰੀਵੈਂਸ਼ਨ ਹਿੱਸੇ ਤਹਿਤ ਅੱਜ ਸੂਬੇ ਭਰ ਵਿੱਚ 122 ਜਾਗਰੂਕਤਾ ਸਮਾਗਮ ਕਰਵਾਏ ਗਏ।

# ਪੰਜਾਬ ਪੁਲਿਸ ਨੇ ਹਿਰਾਸਤ ਚ ਲਏ ਕਿਸਾਨ ਆਗੂ ਡੱਲੇਵਾਲ ਨੂੰ ਜਲੰਧਰ ਦੇ PIMS ਹਸਪਤਾਲ ਲਿਆਂਦਾ, ਭਾਰੀ ਫੋਰਸ ਤੈਨਾਤ



ਜਲੰਧਰ-(ਲੋਕ ਬਾਣੀ) ਕੇਂਦਰ ਨਾਲ ਕਿਸਾਨਾਂ ਦੀ 7ਵੇਂ ਗੇੜ ਦੀ ਮੀਟਿੰਗ ਬੇਸਿੱਟਾ ਰਹੀ ਇਸ ਮੀਟਿੰਗ ਤੋਂ ਬਾਅਦ ਪੰਜਾਬ ਪੁਲਿਸ ਨੇ ਕਾਰਵਾਈ ਕੀਤੀ ਅਤੇ ਬਾਰਡਰ ਤੋਂ ਕਿਸਾਨਾਂ ਦੇ ਤੰਬੂ ਉਖਾੜ ਦਿੱਤੇ। ਇਸ ਦੌਰਾਨ ਪੁਲਿਸ ਨੇ ਕਈ ਕਿਸਾਨ ਆਗੂਆਂ ਨੂੰ ਹਿਰਾਸਤ ਵਿੱਚ ਲਿਆ। ਪੁਲਿਸ ਨੇ ਕਿਸਾਨ ਆਗੂਆਂ ਸਰਵਣ ਸਿੰਘ ਪੰਧੇਰ ਅਤੇ ਜਗਜੀਤ ਸਿੰਘ ਡੱਲੇਵਾਲ ਨੂੰ ਵੀ ਹਿਰਾਸਤ ਵਿੱਚ ਲਿਆ ਹੈ। ਮਿਲੀ ਜਾਣਕਾਰੀ ਮੁਤਾਬਕ ਪੁਲਿਸ ਨੇ ਦੇਰ ਰਾਤ 2 ਵਜੇ ਡੱਲੇਵਾਲ ਨੂੰ ਜਲੰਧਰ ਦੇ ♦9$♥ ਹਸਪਤਾਲ ਲੈ ਆਈ।ਭਾਵੇਂ ਪੁਲਿਸ ਨੇ ਪਿਮਸ ਹਸਪਤਾਲ ਵਿੱਚ ਡੱਲੇਵਾਲ ਨੂੰ ਲੈ ਕੇ ਆਉਣ ਦੀ ਪੁਸ਼ਟੀ ਨਹੀਂ ਕੀਤੀ, ਪਰ ਹਸਪਤਾਲ ਵਿੱਚ ਭਾਰੀ ਫੋਰਸ ਤਾਇਨਾਤ ਕੀਤੀ ਗਈ ਹੈ। ਜਿਸ ਦੀ ਇੱਕ ਵੀਡੀਓ ਵੀ ਸਾਹਮਣੇ ਆਈ ਹੈ। ਕੁਝ ਗੱਡੀਆਂ ਦੇਰ ਰਾਤ ਹਸਪਤਾਲ ਗਈਆਂ ਹਨ। ਇਸ ਦੌਰਾਨ, ਪੁਲਿਸ ਮਰੀਜ਼ਾਂ ਦੇ ਰਿਸ਼ਤੇਦਾਰਾਂ ਨੂੰ ਹਸਪਤਾਲ ਵਿੱਚ ਦਾਖਲ ਨਹੀਂ ਹੋਣ ਦੇ ਰਹੀ ਹੈ। ਜਿਸ ਕਾਰਨ ਉਨ੍ਹਾਂ ਨੂੰ ਕਾਫ਼ੀ ਮੁਸ਼ਕਲ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਅੱਜ ਸਵੇਰੇ ਵੀ ਇਹ ਦੇਖਿਆ ਜਾ ਸਕਦਾ ਹੈ ਕਿ ਹਸਪਤਾਲ ਦੇ ਬਾਹਰ ਵੱਡੀ ਗਿਣਤੀ ਵਿੱਚ ਪੁਲਿਸ ਤਾਇਨਾਤ ਹੈ । ਡੱਲੇਵਾਲ ਨੂੰ ਪਿਮਸ ਹਸਪਤਾਲ ਵਿੱਚ ਦਾਖਲ ਕਰਵਾਉਣ ਬਾਰੇ ਪੁਲਿਸ ਅਧਿਕਾਰੀਆਂ ਨੇ ਚੁੱਪੀ ਧਾਰੀ ਹੋਈ ਹੈ, ਜਿਸ ਕਾਰਨ ਕੋਈ ਵੀ ਅਧਿਕਾਰੀ ਡੱਲੇਵਾਲ ਨੂੰ ਪਿਮਸ ਹਸਪਤਾਲ ਵਿੱਚ ਦਾਖਲ ਕਰਵਾਉਣ ਬਾਰੇ ਕੋਈ ਬਿਆਨ ਨਹੀਂ ਦੇ ਰਿਹਾ ਹੈ।

# ਫਰੀਦਕੋਟ ਚ ਐਨਕਾਊਂਟਰ ਉਪਰਾਂਤ ਦੋ ਬਦਮਾਸ਼ ਗ੍ਰਿਫ਼ਤਾਰ; ਲਾਰੈਂਸ ਅਤੇ ਜੱਗੂ ਗੈਂਗ ਨਾਲ ਸੀ ਸੰਬੰਧ



(ਲੋਕ ਬਾਣੀ) ਫਰੀਦਕੋਟ ਵਿੱਚ ਇੱਕ ਐਨਕਾਊਂਟਰ ਤੋਂ ਬਾਅਦ ਪੁਲਿਸ ਨੇ ਲਾਰੈਂਸ ਬਿਸ਼ਨੋਈ ਅਤੇ ਜੱਗੂ ਭਗਵਾਨਪੁਰੀਆ ਗੈਂਗ ਨਾਲ ਸਬੰਧਤ ਦੋ ਬਦਮਾਸ਼ਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਦੱਸ ਦਈਏ ਕਿ ਦੋਵੇਂ ਬਦਮਾਸ਼ ਇੱਕ ਸਕਾਰਪੀਓ ਕਾਰ ਵਿੱਚ ਯਾਤਰਾ ਕਰ ਰਹੇ ਸਨ। ਇੱਕ ਬਦਮਾਸ਼ ਦੀ ਲੱਤ ਵਿੱਚ ਗੋਲੀ ਲੱਗੀ ਹੈ ਅਤੇ ਉਸ ਨੂੰ ਇਲਾਜ ਲਈ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ। ਪੁਲਿਸ ਨੇ ਬਦਮਾਸ਼ਾਂ ਤੋਂ 32 ਬੋਰ ਦਾ ਪਿਸਤੌਲ ਅਤੇ ਕਾਰਤੂਸ ਬਰਾਮਦ ਕੀਤੇ ਹਨ। ਬਦਮਾਸ਼ਾਂ ਦੀ ਪਛਾਣ ਸੁਰੇਂਦਰ ਸਿੰਘ ਉਰਫ਼ ਗਗਨੀ ਅਤੇ ਲਖਵਿੰਦਰ ਸਿੰਘ ਉਰਫ਼ ਲੱਖੂ ਵਜੋਂ ਹੋਈ ਹੈ, ਜੋ ਕਿ ਜੈਤੋ ਦੇ ਅੰਬੇਡਕਰ ਨਗਰ ਦੇ ਰਹਿਣ ਵਾਲੇ ਹਨ। ਪੁਲਿਸ ਉਨ੍ਹਾਂ ਤੋਂ ਜਾਣਕਾਰੀ ਇਕੱਠੀ ਕਰ ਰਹੀ ਹੈ।

ਜਾਣਕਾਰੀ ਅਨੁਸਾਰ ਕਾਰ ਵਿੱਚ ਸਵਾਰ ਬਦਮਾਸ਼ਾਂ ਨੇ ਪੁਲਿਸ ਨੂੰ ਦੇਖ ਕੇ ਉਨ੍ਹਾਂ 'ਤੇ ਗੋਲੀਆਂ ਚਲਾ ਦਿੱਤੀਆਂ। ਪੁਲਿਸ ਦੀ ਜਵਾਬੀ ਕਾਰਵਾਈ ਵਿੱਚ ਬਦਮਾਸ਼ ਸੁਰੇਂਦਰ ਸਿੰਘ ਉਰਫ਼ ਗਗਨੀ ਦੀ ਲੱਤ ਵਿੱਚ ਗੋਲੀ ਲੱਗੀ ਅਤੇ ਉਸ ਨੂੰ ਇਲਾਜ ਲਈ ਮੈਡੀਕਲ ਕਾਲਜ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ। ਪੁਲਿਸ ਮੁਕਾਬਲੇ ਦੀ ਖ਼ਬਰ ਮਿਲਦੇ ਹੀ ਜ਼ਿਲ੍ਹਾ ਪੁਲਿਸ ਅਧਿਕਾਰੀ ਮੌਕੇ 'ਤੇ ਪਹੁੰਚ ਗਏ। ਫਰੀਦਕੋਟ ਦੇ ਐਸਐਸਪੀ ਡਾ. ਪ੍ਰਗਿਆ ਜੈਨ ਨੇ ਮੌਕੇ 'ਤੇ ਪਹੁੰਚ ਕੇ ਜਾਣਕਾਰੀ ਇਕੱਠੀ ਕੀਤੀ।

ਮਿਲੀ ਜਾਣਕਾਰੀ ਮੁਤਾਬਕ ਪੁਲਿਸ ਨੂੰ ਬਦਮਾਸ਼ਾਂ ਬਾਰੇ ਸੂਚਨਾ ਮਿਲੀ ਸੀ, ਜਿਸ ਦੇ ਆਧਾਰ 'ਤੇ ਸੀਆਈਏ ਸਟਾਫ ਜੈਤੋ ਦੀ ਪੁਲਿਸ ਪਾਰਟੀ ਨੇ ਚੰਦਭਾਨ ਡਰੇਨ ਪਿੰਡ ਨੇੜੇ ਨਾਕਾਬੰਦੀ ਕੀਤੀ ਸੀ। ਇਸ ਦੌਰਾਨ ਬਠਿੰਡਾ ਵਾਲੇ ਪਾਸਿਓਂ ਇੱਕ ਕਾਲੇ ਰੰਗ ਦੀ ਸਕਾਰਪੀਓ ਕਾਰ ਆਉਂਦੀ ਦਿਖਾਈ ਦਿੱਤੀ। ਪੁਲਿਸ ਨੇ ਉਸ ਨੂੰ ਰੁਕਣ ਦਾ ਇਸ਼ਾਰਾ ਕੀਤਾ। ਰੁਕਣ ਦੀ ਬਜਾਏ ਕਾਰ ਵਿੱਚ ਸਵਾਰ ਲੋਕਾਂ ਨੇ ਪੁਲਿਸ 'ਤੇ ਗੋਲੀਆਂ ਚਲਾ ਦਿੱਤੀਆਂ, ਜੋ ਬੈਰੀਕੇਡਾਂ ਨਾਲ ਟਕਰਾ ਗਈਆਂ। ਕਾਰ ਵਿੱਚੋਂ ਅਚਾਨਕ ਗੋਲੀਬਾਰੀ ਹੋਣ ਕਾਰਨ ਪੁਲਿਸ ਡਰ ਗਈ।

ਇਸ ਕਾਰਵਾਈ ਦੌਰਾਨ ਸੂਚਨਾ ਮਿਲਦੇ ਹੀ ਐਸਐਸਪੀ ਡਾ. ਪ੍ਰਗਿਆ ਜੈਨ ਹੋਰ ਸੀਨੀਅਰ ਪੁਲਿਸ ਅਧਿਕਾਰੀਆਂ ਨਾਲ ਮੌਕੇ 'ਤੇ ਪਹੁੰਚੇ ਅਤੇ ਸਥਿਤੀ ਦਾ ਜਾਇਜ਼ਾ ਲਿਆ। ਇਸ ਮਾਮਲੇ ਵਿੱਚ ਐਸਐਸਪੀ ਡਾ. ਪ੍ਰਗਿਆ ਜੈਨ ਨੇ ਕਿਹਾ ਕਿ ਜ਼ਿਲ੍ਹਾ ਪੁਲਿਸ ਵੱਲੋਂ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ। ਇਸ ਤਹਿਤ ਸਮਾਜ ਵਿਰੋਧੀ ਅਨਸਰਾਂ 'ਤੇ ਨਜ਼ਰ ਰੱਖੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਮੁਕਾਬਲੇ ਤੋਂ ਬਾਅਦ ਗ੍ਰਿਫ਼ਤਾਰ ਕੀਤੇ ਗਏ ਦੋ ਮੁਲਜ਼ਮਾਂ ਵਿੱਚੋਂ ਸੁਰੇਂਦਰ ਸਿੰਘ ਉਰਫ਼ ਗਗਨੀ ਖ਼ਿਲਾਫ਼ ਪਹਿਲਾਂ ਹੀ ਆਰੰਭ ਐਕਟ ਅਤੇ ਐਨਡੀਪੀਐਸ ਐਕਟ ਤਹਿਤ ਮਾਮਲੇ ਦਰਜ ਹਨ ਅਤੇ ਉਸ ਤੋਂ ਪੁੱਛਗਿੱਛ ਕਰਨ ਤੋਂ ਬਾਅਦ ਅਗਲੇਰੀ ਕਾਰਵਾਈ ਕੀਤੀ ਜਾਵੇਗੀ।

# ਸੂਬਾ ਮੀਤ ਪ੍ਰਧਾਨ ਸੰਧਵਾਂ ਦੇ ਘਰ 'ਤੇ ਸਵੇਰੇ 4 ਵਜੇ ਪੁਲਿਸ ਦੀ ਰੇਡ, ਘਰ ਦਾ ਹਰ ਹਿੱਸਾ ਖੰਗਾਲਿਆ




ਚੰਡੀਗੜ੍ਹ, (ਲੋਕ ਬਾਣੀ)ਭਾਰਤੀ ਕਿਸਾਨ ਯੂਨੀਅਨ ਦੋਆਬਾ ਦੇ ਸੂਬਾ ਮੀਤ ਪ੍ਰਧਾਨ ਸਰਦਾਰ ਦਵਿੰਦਰ ਸਿੰਘ ਸੰਧਵਾਂ ਦੇ ਘਰ 'ਤੇ ਅੱਜ ਸਵੇਰੇ ਤਕਰੀਬਨ 4 ਵਜੇ ਪੰਜਾਬ ਪੁਲਿਸ ਵਲੋਂ ਰੇਡ ਕੀਤੀ ਗਈ। ਜਾਣਕਾਰੀ ਅਨੁਸਾਰ, ਪੁਲਿਸ ਨੇ ਸੰਧਵਾਂ ਦੇ ਘਰ ਦੇ ਹਰ ਇੱਕ ਕਮਰੇ ਦੀ ਗਹਿਰੀ ਜਾਂਚ ਕੀਤੀ। ਰੇਡ ਦੌਰਾਨ ਘਰ ਦੇ ਹਰ ਇੱਕ ਹਿੱਸੇ, ਜਿਵੇਂ ਕਿ ਬੈਡਰੂਮ, ਡਰਾਇੰਗ ਰੂਮ, ਰਸੋਈ, ਅਤੇ ਹੋਰ ਕਮਰਿਆਂ ਵਿੱਚ ਪੂਰੀ ਤਲਾਸ਼ੀ ਲਈ ਗਈ।

# ਧਰਨਿਆਂ ਕਾਰਨ ਪੰਜਾਬ ਪਛੜ ਗਿਆ, ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਰੁਜ਼ਗਾਰ ਹੀ ਇੱਕੋ ਇੱਕ ਕਾਰਗਰ ਹੱਲ - ਬਲਤੇਜ ਪੰਨੂ

(ਲੋਕ ਬਾਣੀ) ਨੌਜਵਾਨਾਂ ਦੀਆਂ ਸਮੱਸਿਆਵਾਂ ਸਿਰਫ਼ ਨਸ਼ਿਆਂ ਨੂੰ ਖ਼ਤਮ ਕਰਨ ਨਾਲ ਹੀ ਖ਼ਤਮ ਨਹੀਂ ਹੋਵੇਗੀ, ਇਸ ਲਈ ਉਨ੍ਹਾਂ ਨੂੰ ਰੁਜ਼ਗਾਰ ਵੀ ਮੁਹੱਈਆ ਕਰਵਾਉਣਾ ਪਵੇਗਾ ਅਤੇ ਇਹ ਉਦਯੋਗ ਅਤੇ ਵਪਾਰ ਤੋਂ ਬਿਨਾਂ ਸੰਭਵ ਨਹੀਂ - ਪੰਨੂਚੰਡੀਗੜ੍ਹ, 20 ਮਾਰਚ- ਆਮ ਆਦਮੀ ਪਾਰਟੀ ਦੇ ਆਗੂ ਬਲਤੇਜ ਪੰਨੂ ਨੇ ਕਿਹਾ ਕਿ ਇਸ ਸਮੇਂ ਪੰਜਾਬ ਨਸ਼ਿਆਂ ਵਿਰੁੱਧ ਸਰਬਪੱਖੀ ਲੜਾਈ ਲੜ ਰਿਹਾ ਹੈ। ਇਹ ਲੜਾਈ ਤੁਹਾਡੇ ਸਹਿਯੋਗ ਤੋਂ ਬਿਨਾਂ ਸੰਭਵ ਨਹੀਂ ਹੈ। ਨਸ਼ਿਆਂ ਖ਼ਿਲਾਫ਼ ਇਹ ਜੰਗ ਸਿਰਫ਼ ਕੁਝ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਨ ਜਾਂ ਨਸ਼ਾ ਤਸਕਰਾਂ ਖ਼ਿਲਾਫ਼ ਕਾਰਵਾਈ ਕਰਨ ਨਾਲ ਖ਼ਤਮ ਨਹੀਂ ਹੋਵੇਗੀ। ਇਸ ਲਈ ਹੋਰ ਕਦਮ ਚੁੱਕਣ ਦੀ ਲੋੜ ਹੈ।

ਆਪ ਆਗੂ ਨੇ ਕਿਹਾ ਕਿ ਪੁਲਿਸ ਵੱਲੋਂ ਕੀਤੀਆਂ ਜਾ ਰਹੀਆਂ ਕਾਰਵਾਈਆਂ ਯਕੀਨੀ ਤੌਰ ਤੇ ਲੋਕਾਂ ਚ ਭਰੋਸਾ ਪੈਦਾ ਕਰ ਰਹੀਆਂ ਹਨ, ਪਿਛਲੇ ਇੱਕ ਮਹੀਨੇ ਦੌਰਾਨ ਤੁਸੀਂ ਦੇਖਿਆ ਹੋਵੇਗਾ ਕਿ ਪੁਲਿਸ ਨੇ ਵੱਖ-ਵੱਖ ਖੇਤਰਾਂ ਚ ਨਸ਼ਾ ਤਸਕਰਾਂ ਵਿਰੁੱਧ ਬਹਾਦਰੀ ਅਤੇ ਸੂਝ-ਬੂਝ ਨਾਲ ਕਾਰਵਾਈ ਕੀਤੀ ਹੈ। ਪਰ ਸਿਰਫ਼ ਨਸ਼ਾ ਵੇਚਣ ਵਾਲਿਆਂ ਨੂੰ ਫੜਨ ਨਾਲ ਇਹ ਸਮੱਸਿਆ ਖ਼ਤਮ ਨਹੀਂ ਹੋਵੇਗੀ।




ਉਨ੍ਹਾਂ ਕਿਹਾ ਕਿ ਜਿਹੜੇ ਲੋਕ ਨਸ਼ਿਆਂ ਦੇ ਆਦੀ ਹੋ ਚੁੱਕੇ ਹਨ, ਉਨ੍ਹਾਂ ਨੂੰ ਇਸ ਦਲਦਲ ਵਿੱਚੋਂ ਬਾਹਰ ਕੱਢਣਾ ਹੋਵੇਗਾ। ਇਹ ਮੰਗ ਅਤੇ ਸਪਲਾਈ ਦਾ ਮਾਮਲਾ ਹੈ ਅਤੇ ਲੋਕਾਂ ਨੂੰ ਨਸ਼ਿਆਂ ਤੋਂ ਦੂਰ ਕਰਨ ਲਈ ਸਭ ਤੋਂ ਜ਼ਰੂਰੀ ਕੰਮ ਰੁਜ਼ਗਾਰ ਪ੍ਰਦਾਨ ਕਰਨਾ ਹੈ। ਜਦੋਂ ਨੌਜਵਾਨਾਂ ਦੇ ਹੱਥੋਂ ਨਸ਼ੇ ਦੀਆਂ ਸੂਈਆਂ ਖੋਹ ਕੇ ਕੰਮ ਅਤੇ ਟਿਫ਼ਨ ਦਿੱਤੇ ਜਾਣਗੇ ਤਾਂ ਉਹ ਜਲਦੀ ਹੀ ਨਸ਼ਾ ਛੱਡ ਦੇਣਗੇ।

ਉਨ੍ਹਾਂ ਕਿਹਾ ਕਿ ਸਰਕਾਰ ਇਸ ਦਿਸ਼ਾ ਵਿੱਚ ਹਰ ਸੰਭਵ ਯਤਨ ਕਰ ਰਹੀ ਹੈ। 50 ਹਜ਼ਾਰ ਤੋਂ ਵੱਧ ਨੌਕਰੀਆਂ ਬਿਨਾਂ ਸਿਫ਼ਾਰਸ਼ ਅਤੇ ਰਿਸ਼ਵਤ ਦੇ ਦਿੱਤੀਆਂ ਗਈਆਂ ਹਨ। ਪਰ ਇਸ ਦੌਰ ਵਿੱਚ ਨਿੱਜੀ ਖੇਤਰ ਦੀ ਭੂਮਿਕਾ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ। ਪਿਛਲੇ ਕੁਝ ਸਾਲਾਂ ਵਿੱਚ ਪੰਜਾਬ ਵਿੱਚ ਉਦਯੋਗੀ ਅਤੇ ਵਪਾਰ ਵਿੱਚ ਭਾਰੀ ਗਿਰਾਵਟ ਆਈ ਹੈ। 2003 ਵਿੱਚ, ਪੰਜਾਬ ਭਾਰਤ ਦੇ ਜੀਡੀਪੀ ਵਿੱਚ ਸਭ ਤੋਂ ਵੱਧ ਯੋਗਦਾਨ ਪਾਉਣ ਵਾਲਾ ਸੂਬਾ ਸੀ, ਪਰ ਅੱਜ ਇਹ 19ਵੇਂ ਸਥਾਨ ਤੇ ਹੈ।

ਉਨ੍ਹਾਂ ਕਿਹਾ ਕਿ ਨਸ਼ੇ ਦੀ ਸਮੱਸਿਆ ਅਤੇ ਬੇਰੁਜ਼ਗਾਰੀ ਆਪਸ ਵਿੱਚ ਜੁੜੇ ਹੋਏ ਹਨ। ਬੇਰੁਜ਼ਗਾਰੀ ਨਸ਼ਿਆਂ ਦਾ ਸਭ ਤੋਂ ਵੱਡਾ ਕਾਰਨ ਹੈ। ਹਾਈਵੇਅ ਅਤੇ ਸੜਕਾਂ ਬੰਦ ਹੋਣ ਕਾਰਨ ਉਦਯੋਗ ਅਤੇ ਕਾਰੋਬਾਰ ਬੁਰੀ ਤਰ੍ਹਾਂ ਪ੍ਰਭਾਵਿਤ ਹੋਏ ਹਨ। ਇਸ ਲਈ ਮੈਂ ਕਿਸਾਨਾਂ ਨੂੰ ਅਪੀਲ ਕਰਦਾ ਹਾਂ ਕਿ ਉਹ ਦਿੱਲੀ ਵਿੱਚ ਕੇਂਦਰ ਸਰਕਾਰ ਖ਼ਿਲਾਫ਼ ਸੰਘਰਸ਼ ਕਰਨ ਕਿਉਂਕਿ ਪੰਜਾਬ ਦੀਆਂ ਸੜਕਾਂ ਬੰਦ ਕਰਨ ਨਾਲ ਕੇਂਦਰ ਸਰਕਾਰ 'ਤੇ ਕੋਈ ਅਸਰ ਨਹੀਂ ਪਵੇਗਾ। ਪਰ ਇਸ ਨਾਲ ਇੱਥੋਂ ਦੀ ਆਰਥਿਕ ਸਥਿਤੀ ਹੋਰ ਵਿਗੜ ਜਾਵੇਗੀ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਅਤੇ ਪੰਜਾਬ ਦੇ ਲੋਕ ਕਿਸਾਨਾਂ ਨਾਲ ਮਜ਼ਬੂਤੀ ਨਾਲ ਖੜ੍ਹੇ ਹਨ ਅਤੇ ਅੱਗੇ ਵੀ ਕਰਦੇ ਰਹਿਣਗੇ ਪਰ ਇਸ ਤਰ੍ਹਾਂ ਸੜਕਾਂ ਜਾਮ ਕਰਕੇ ਲੜਾਈ ਨਹੀਂ ਜਿੱਤੀ ਜਾ ਸਕਦੀ। ਇਸ ਕਾਰਨ ਆਮ ਲੋਕ ਅਤੇ ਕਾਰੋਬਾਰੀ ਪ੍ਰੇਸ਼ਾਨ ਹੋ ਰਹੇ ਹਨ ਅਤੇ ਪੰਜਾਬ ਨੂੰ ਭਾਰੀ ਆਰਥਿਕ ਨੁਕਸਾਨ ਹੋ ਰਿਹਾ ਹੈ।

# 13 ਮਹੀਨਿਆਂ ਤੋਂ ਬੰਦ ਸ਼ੰਭੂ ਬਾਰਡਰ ਖੋਲ੍ਹਿਆ, ਪੁਲਸ ਦੀ ਕਰਵਾਈ ਦੇ ਬਾਅਦ ਸ਼ੰਭੂ ਬਾਰਡਰ ਆਵਾਜਾਈ ਲਈ ਖੋਲ੍ਹਿਆ



ਚੰਡੀਗੜ੍ਹ- (ਲੋਕ ਬਾਣੀ) ਹਰਿਆਣਾ-ਪੰਜਾਬ ਦੀ ਸ਼ੰਭੂ ਸਰਹੱਦ ਦੀ ਇਕ ਲੇਨ ਆਵਾਜਾਈ ਲਈ ਖੋਲ੍ਹ ਦਿੱਤੀ ਗਈ ਹੈ। ਹੁਣ ਲੋਕ ਪੰਜਾਬ ਦੇ ਰਾਜਪੁਰਾ ਤੋਂ ਹਰਿਆਣਾ ਦੇ ਅੰਬਾਲਾ-ਦਿੱਲੀ ਤੱਕ ਜਾ ਸਕਦੇ ਹਨ। ਹਰਿਆਣਾ ਪੁਲਿਸ ਫਿਲਹਾਲ ਦੂਜੀ ਲੇਨ ਤੋਂ ਬੈਰੀਕੇਡ ਹਟਾ ਰਹੀ ਹੈ। ਕਿਸਾਨਾਂ ਦੇ ਅੰਦੋਲਨ ਕਾਰਨ ਇਹ ਸਰਹੱਦ 13 ਮਹੀਨਿਆਂ ਤੋਂ ਬੰਦ ਸੀ।

ਇਸ ਦੌਰਾਨ ਉੱਥੋਂ ਦੀ ਲੰਘਦੀਆਂ ਹੋਈਆਂ ਗੱਡੀਆਂ ਵਿੱਚ ਬੈਠੇ ਯਾਤਰੀ ਤੇ ਡਰਾਈਵਰਾਂ ਨੂੰ ਗੱਲਬਾਤ ਕਰਦਿਆਂ ਹੋਇਆ ਉਹਨਾਂ ਨੇ ਆਪਣੀ ਖ਼ੁਸ਼ੀ ਦਾ ਇਜ਼ਹਾਰ ਕੀਤਾ।ਨੈਸ਼ਨਲ ਲਾਈਵ ਤੇ ਪੈਂਦੇ ਹੋਏ ਢਾਬੇ ਦੇ ਮਾਲਕਾਂ ਵੱਲੋਂ ਵੀ ਸਰਕਾਰ ਦੀ ਇਸ ਕਾਰਗੁਜ਼ਾਰੀ ਤੇ ਸਰਕਾਰ ਦੀ ਪ੍ਰਸ਼ੰਸਾ ਕੀਤੀ ਹੈ ਤੇ ਕਿਹਾ ਕਿ ਇਹ ਰਸਤਾ ਖੁੱਲਣ ਦੇ ਨਾਲ ਲੋਕਾਂ ਦੇ ਰੋਜ਼ਗਾਰ ਤੇ ਬਹੁਤ ਫਰਕ ਪਵੇਗਾ ਤੇ ਜੋ ਕਾਫ਼ੀ ਟਾਈਮ ਦਾ ਰੁਕਿਆ ਹੋਇਆ ਰੋਜ਼ਗਾਰ ਹੁਣ ਦੁਬਾਰਾ ਲੀ ਤੇ ਆਵੇ। ਐਸਡੀਐਮ ਰਾਜਪੁਰਾ ਅਵਿਕੇਸ਼ ਗੁਪਤਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇੱਕ ਸਾਈਡ ਦਾ ਰਸਤਾ ਖੋਲ ਦਿੱਤਾ ਗਿਆ ਤੇ ਦੂਸਰੀ ਸਾਈਡ ਦੇ ਰਸਤੇ ਵਾਸਤੇ ਐਨਐਚਆਈ ਤੇ ਹੋਰ ਸੰਬੰਧਿਤ ਵਿਭਾਗਾਂ ਨਾਲ ਗੱਲ ਕਰਕੇ ਰਸਤਾ ਖੋਲ ਜਾਵੇਗਾ।

# ਮਹਿਲਾ ਕਮਿਸ਼ਨ ਦੀ ਚੇਅਰਪਰਸਨ ਅਤੇ ਵਿਸ਼ੇਸ਼ ਡੀ.ਜੀ.ਪੀ. ਵਲੋਂ ਲੋਕ ਅਦਾਲਤ ਚ ਔਰਤਾਂ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ

ਲੁਧਿਆਣਾ, (ਲੋਕ ਬਾਣੀ) - ਪੰਜਾਬ ਰਾਜ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਰਾਜ ਲਾਲੀ ਗਿੱਲ ਵੱਲੋਂ ਕਮਿਊਨਿਟੀ ਅਫੇਅਰਜ਼ ਡਿਵੀਜ਼ਨ ਅਤੇ ਮਹਿਲਾ ਮਾਮਲਿਆਂ ਦੀ ਵਿਸ਼ੇਸ਼ ਡੀ.ਜੀ.ਪੀ. ਗੁਰਪ੍ਰੀਤ ਕੌਰ ਦਿਓ ਦੇ ਨਾਲ ਮਿਲ ਕੇ ਪੁਲਿਸ ਲਾਈਨਜ਼ ਵਿਖੇ ਲਗਾਈ ਗਈ ਲੋਕ ਅਦਾਲਤ ਦੌਰਾਨ ਔਰਤਾਂ ਦੀਆ ਸ਼ਿਕਾਇਤਾਂ ਸੁਣੀਆ।

ਇਸ ਲੋਕ ਅਦਾਲਤ ਦੌਰਾਨ, ਚੇਅਰਪਰਸਨ ਰਾਜ ਲਾਲੀ ਗਿੱਲ ਅਤੇ ਵਿਸ਼ੇਸ਼ ਡੀ.ਜੀ.ਪੀ. ਗੁਰਪ੍ਰੀਤ ਕੌਰ ਦਿਓ ਨੇ ਘਰੇਲੂ ਹਿੰਸਾ, ਪਰਿਵਾਰਕ ਝਗੜਿਆਂ, ਦਾਜ ਅਤੇ ਹੋਰ ਬਹੁਤ ਸਾਰੀਆਂ ਸ਼ਿਕਾਇਤਾਂ ਦੀ ਧਿਆਨ ਨਾਲ ਸੁਣਵਾਈ ਕੀਤੀ। ਇਸ ਸਮਾਗਮ ਨੂੰ ਭਰਵਾਂ ਹੁੰਗਾਰਾ ਮਿਲਿਆ, ਜਿਸ ਵਿੱਚ 60 ਤੋਂ ਵੱਧ ਔਰਤਾਂ ਸ਼ਾਮਲ ਹੋਈਆਂ ਅਤੇ ਵਧੇਰੇ ਸ਼ਿਕਾਇਤਾਂ ਦਾ ਮੌਕੇ ਤੇ ਹੀ ਨਿਪਟਾਰਾ ਕੀਤਾ ਗਿਆ।

ਡੀ.ਸੀ.ਪੀ. ਰੁਪਿੰਦਰ ਸਿੰਘ ਅਤੇ ਹੋਰਾਂ ਸਮੇਤ ਸੀਨੀਅਰ ਪੁਲਿਸ ਅਧਿਕਾਰੀ ਸ਼ਿਕਾਇਤਕਰਤਾਵਾਂ ਨੂੰ ਮੌਕੇ ਤੇ ਹੱਲ ਅਤੇ ਮਾਰਗਦਰਸ਼ਨ ਪ੍ਰਦਾਨ ਕਰਨ ਲਈ ਮੌਜੂਦ ਸਨ।

ਮੀਡੀਆ ਨੂੰ ਸੰਬੋਧਨ ਕਰਦਿਆਂ, ਚੇਅਰਪਰਸਨ ਨੇ ਕਿਹਾ ਕਿ ਇਸ ਪਹਿਲਕਦਮੀ ਦਾ ਉਦੇਸ਼ ਔਰਤਾਂ ਦੇ ਅਧਿਕਾਰਾਂ ਦੀ ਰੱਖਿਆ ਕਰਨਾ ਅਤੇ ਉਨ੍ਹਾਂ ਦੀਆਂ ਚਿੰਤਾਵਾਂ ਦੇ ਜਲਦ ਹੱਲ ਲਈ ਇੱਕ ਪਲੇਟਫਾਰਮ ਪ੍ਰਦਾਨ ਕਰਨਾ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਸਰਕਾਰ ਔਰਤਾਂ ਨੂੰ ਅਪਰਾਧਾਂ ਅਤੇ ਕਿਸੇ ਵੀ ਤਰ੍ਹਾਂ ਦੇ ਸ਼ੋਸ਼ਣ ਤੋਂ ਬਚਾਉਣ ਲਈ ਸਮਰਪਿਤ ਹੈ। ਇਸ ਤੋਂ ਇਲਾਵਾ, ਉਨ੍ਹਾਂ ਜ਼ਿਕਰ ਕੀਤਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਔਰਤਾਂ ਦੇ ਮੁੱਦਿਆਂ ਅਤੇ ਚੁਣੌਤੀਆਂ ਨੂੰ ਹੱਲ ਕਰਨ ਲਈ ਪੂਰੀ ਮਿਹਨਤ ਕਰ ਰਹੇ ਹਨ।

ਵਿਸ਼ੇਸ਼ ਡੀ.ਜੀ.ਪੀ. ਗੁਰਪ੍ਰੀਤ ਕੌਰ ਦਿਓ ਨੇ ਸਪੱਸ਼ਟ ਕੀਤਾ ਕਿ ਸੂਬੇ ਦੇ ਹਰ ਜ਼ਿਲ੍ਹੇ ਵਿੱਚ ਇਸੇ ਤਰ੍ਹਾਂ ਦੀਆ ਲੋਕ ਅਦਾਲਤਾਂ ਆਯੋਜਿਤ ਕੀਤੀਆਂ ਜਾਣਗੀਆਂ, ਜਿਸ ਵਿੱਚ ਜਾਗਰੂਕਤਾ ਪੈਦਾ ਕਰਨ ਦੇ ਯਤਨ ਕੀਤੇ ਜਾਣਗੇ ਤਾਂ ਜੋ ਵੱਧ ਤੋਂ ਵੱਧ ਔਰਤਾਂ ਇਨ੍ਹਾਂ ਪਹਿਲਕਦਮੀਆਂ ਤੋਂ ਲਾਭ ਉਠਾ ਸਕਣ।

ਬਾਅਦ ਵਿੱਚ, ਚੇਅਰਪਰਸਨ ਅਤੇ ਵਿਸ਼ੇਸ਼ ਡੀ.ਜੀ.ਪੀ. ਦੋਵਾਂ ਨੇ ਸਿਵਲ ਹਸਪਤਾਲ ਦੇ ਐਮਰਜੈਂਸੀ ਵਾਰਡ ਵਿੱਚ ਘਰੇਲੂ ਹਿੰਸਾ ਦੇ ਪੀੜਤਾਂ ਦੀ ਸਹਾਇਤਾ ਕਰਨ ਦੇ ਉਦੇਸ਼ ਨਾਲ ਸਾਂਝ ਰਾਹਤ ਪ੍ਰੋਜੈਕਟ ਦੇ ਦੂਜੇ ਪੜਾਅ ਦੀ ਸ਼ੁਰੂਆਤ ਕੀਤੀ। ਵਾਰਡ ਦੇ ਸਾਂਝ ਰਾਹਤ ਸੈਂਟਰ ਵਿਖੇ, ਦੋ ਕੌਂਸਲਰਾਂ ਅਤੇ ਦੋ ਮਹਿਲਾ



ਪੁਲਿਸ ਅਧਿਕਾਰੀਆਂ ਨੂੰ ਸਹਾਇਤਾ ਦੀ ਮੰਗ ਕਰਨ ਵਾਲੀਆਂ ਘਰੇਲੂ ਹਿੰਸਾ ਪੀੜਤਾਂ ਨੂੰ ਸਹਾਇਤਾ ਅਤੇ ਸਲਾਹ ਪ੍ਰਦਾਨ ਕਰਨ ਲਈ ਨਿਯੁਕਤ ਕੀਤਾ ਗਿਆ ਹੈ।

ਇਹ ਪ੍ਰੋਜੈਕਟ ਘਰੇਲੂ ਹਿੰਸਾ ਤੋਂ ਪ੍ਰਭਾਵਿਤ ਔਰਤਾਂ ਨੂੰ ਹਿੰਸਾ-ਮੁਕਤ ਜੀਵਨ ਜਿਊਣ ਵਿੱਚ ਮਦਦ ਕਰਨ ਲਈ ਜ਼ਰੂਰੀ ਮਾਨਸਿਕ-ਸਮਾਜਿਕ ਅਤੇ ਕਾਨੂੰਨੀ ਸਹਾਇਤਾ ਪ੍ਰਦਾਨ ਕਰਕੇ ਸਸ਼ਕਤੀਕਰਨ 'ਤੇ ਕੇਂਦ੍ਰਤ ਕਰਦਾ ਹੈ। ਇਹ ਪਹਿਲ ਇੰਦੌਰ-ਅਧਾਰਤ ਐਨ.ਜੀ.ਓ. ਨਈ ਸ਼ੁਰੂਆਤ ਦੇ ਸਹਿਯੋਗ ਨਾਲ ਲਾਗੂ ਕੀਤੀ ਗਈ ਹੈ ਅਤੇ ਇਸ ਵਿੱਚ ਸਿਹਤ ਵਿਭਾਗ, ਸਮਾਜਿਕ ਸੁਰੱਖਿਆ ਅਤੇ ਮਹਿਲਾ ਅਤੇ ਬਾਲ ਵਿਕਾਸ ਵਿਭਾਗ, ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਅਤੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵਰਗੇ ਮੁੱਖ ਭਾਈਵਾਲ ਸ਼ਾਮਲ ਹਨ।

# ਅਪੰਗਤਾ ਸਰਟੀਫਿਕੇਟ ਬਣਾਉਣ ਲਈ ਅਹਿਮਦਗੜ੍ਹ ਵਿਖੇ ਲਗਾਇਆ ਗਿਆ ਵਿਸ਼ੇਸ਼ ਜਾਂਚ ਕੈਂਪ



ਅਹਿਮਦਗੜ੍ਹ /ਮਾਲੇਰਕੋਟਲਾ -(ਵਿੱਕੀ ਅਰੋੜਾ,ਅਸਲਮ ਨਾਜ਼) ਅਪੰਗ ਵਿਅਕਤੀਆਂ ਦੇ ਪੈਂਡਿੰਗ ਕੇਸਾਂ ਦੇ ਮੁਲਾਂਕਣ ਲਈ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਦੇ ਨਿਰਦੇਸ਼ਾਂ ਅਨੁਸਾਰ ਸਮੁਦਾਇਕ ਸਿਹਤ ਕੇਂਦਰ ਅਹਿਮਦਗੜ੍ਹ ਵਿਖੇ ਵਿਸ਼ੇਸ਼ ਕੈਂਪ ਲਗਾਇਆ ਗਿਆ। ਸਿਵਲ ਸਰਜਨ ਡਾ. ਸੰਜੇ ਗੋਇਲ ਨੇ ਦੱਸਿਆ ਪੰਜਾਬ ਸਰਕਾਰ ਵੱਲੋਂ ਅਪਾਹਜ ਵਿਅਕਤੀਆਂ ਦੇ ਅਪੰਗਤਾ ਸਰਟੀਫਿਕੇਟ ਬਣਾਉਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ ਤਾਂ ਜੋ ਉਹ ਸਰਕਾਰ ਦੀਆਂ ਸਕੀਮਾਂ ਦਾ ਲਾਭ ਪ੍ਰਾਪਤ ਕਰ ਸਕਣ। ਲੋਕਾਂ ਨੂੰ ਸਰਟੀਫਿਕੇਟ ਬਣਾਉਣ ਲਈ ਦੋ ਤਿੰਨ ਸਥਾਨਾਂ ਤੇ ਜਾਣਾ ਪੈਂਦਾ ਸੀ, ਜਿਸ ਕਾਰਨ ਲਾਭਪਾਤਰੀ ਫਾਇਦਾ ਲੈਣ ਤੋਂ ਰਹਿ ਜਾਂਦੇ ਸਨ। ਹੁਣ ਵਿਭਾਗ ਵੱਲੋਂ ਲੋਕਾਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖਦੇ ਹੋਏ ਇਹ ਵਿਸ਼ੇਸ਼ ਕੈਂਪ ਲਗਾਇਆ ਗਿਆ ਜਿਸ 'ਚ ਅੱਖਾਂ ਦੇ ਮਾਹਿਰ ਡਾਕਟਰ ਪੁਨੀਤ ਸਿੱਧੂ ਅਤੇ ਹੱਡੀਆਂ ਦੇ ਮਾਹਿਰ ਡਾਕਟਰ ਹੇਮੰਤ ਕੁਮਾਰ ਵਲੋਂ 60 ਅੰਗਹੀਣ ਵਿਅਕਤੀਆਂ ਦਾ ਮੁਲਾਂਕਣ ਕੀਤਾ ਗਿਆ। ਸਹਾਇਕ ਸਿਵਲ ਸਰਜਨ ਡਾ. ਸਜੀਲਾ ਖਾਂ ਨੇ ਕਿਹਾ ਕਿ ਲੋਕਾਂ ਨੂੰ ਵਿਭਾਗ ਵੱਲੋਂ ਲਗਾਏ ਜਾ ਰਹੇ ਕੈਂਪਾਂ ਦਾ ਵੱਧ ਤੋਂ ਵੱਧ ਲਾਭ ਉਠਾਉਣਾ ਚਾਹੀਦਾ ਹੈ। ਵਿਭਾਗ ਵੱਲੋਂ ਪਿੰਡਾਂ 'ਚ ਜਾ ਕੇ ਲੋਕਾਂ ਨੂੰ ਜਾਗਰੂਕ ਕੀਤਾ ਜਾਂਦਾ ਹੈ ਕਿ ਜੋ ਵਿਅਕਤੀ ਅਪਾਹਜ ਹੈ ਉਹ ਅਪੰਗਤਾ ਸਰਟੀਫਿਕੇਟ ਜ਼ਰੂਰ ਬਣਵਾਉਣ ਤਾਂ ਜੋ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸੇਵਾਵਾਂ ਦਾ ਲਾਹਾ ਲੈ ਸਕਣ। ਇਸ ਮੌਕੇ ਸੀਨੀਅਰ ਮੈਡੀਕਲ ਅਫਸਰ ਡਾਕਟਰ ਜਯੋਤੀ ਕਪੂਰ, ਮਾਸ ਮੀਡੀਆ ਤੋਂ ਬੀ.ਈ.ਈ ਰਣਬੀਰ ਸਿੰਘ ਢੰਡੇ ਤੇ ਮੁਹੰਮਦ ਰਾਸ਼ਿਦ ਤੋਂ ਇਲਾਵਾ ਮੁਲਾਂਕਣ ਕਰਵਾਉਣ ਆਏ ਲੋੜਵੰਦ ਮੌਜੂਦ ਸਨ

# ਮੇਅਰ ਚੋਣ ਮਾਮਲੇ 'ਚ ਹਾਈਕੋਰਟ ਦੇ ਫੈਸਲੇ ਦੀ ਆਪ ਆਗੂਆਂ ਨੇ ਕੀਤੀ ਸ਼ਲਾਘਾ

ਫਗਵਾੜਾ ( ਸੁਸ਼ੀਲ ਸ਼ਰਮਾ ) ਆਮ ਆਦਮੀ ਪਾਰਟੀ ਦੇ ਆਗੂਆਂ ਨੇ ਫਗਵਾੜਾ ਕਾਰਪੋਰੇਸ਼ਨ ਦੇ ਮੇਅਰ ਦੀ ਚੋਣ ਨੂੰ ਚੁਣੌਤੀ ਦੇਣ ਵਾਲੀ ਕਾਂਗਰਸ ਪਾਰਟੀ ਵਲੋਂ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਚੰਡੀਗੜ੍ਹ 'ਚ ਦਾਖਲ ਕੀਤੀ ਪਟੀਸ਼ਨ ਰੱਦ ਹੋਣ ਨੂੰ ਲੈ ਕੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕੋਰਟ ਦੇ ਫੈਸਲੇ ਦੀ ਸ਼ਲਾਘਾ ਕੀਤੀ ਹੈ। ਅੱਜ ਇੱਥੇ ਗੱਲਬਾਤ ਕਰਦਿਆਂ ਫਗਵਾੜਾ ਦੇ ਡਿਪਟੀ ਮੇਅਰ ਵਿੱਕੀ ਸੂਦ, ਕੌਂਸਲਰ ਜਸਦੇਵ ਸਿੰਘ, ਕੌਂਸਲਰ ਰਵੀ ਸਿੱਧੂ, ਕੌਂਸਲਰ ਵਿਜੇ ਬਸੰਤ ਨਗਰ ਤੋਂ ਇਲਾਵਾ ਸੀਨੀਅਰ ਆਗੂ ਕ੍ਰਿਸ਼ਨ ਕੁਮਾਰ ਹੀਰੋ ਨੇ ਕਿਹਾ ਕਿ ਕੋਰਟ ਦੇ ਫੈਸਲੇ ਦਾ ਸਵਾਗਤ ਕਰਦੇ ਹੋਏ ਹੁਣ ਕਾਂਗਰਸ ਪਾਰਟੀ ਨੂੰ ਨਿਜੀ ਹਿਤਾਂ ਦੀ ਲੜਾਈ ਛੱਡ ਕੇ ਫਗਵਾੜਾ ਸ਼ਹਿਰ ਦੇ ਵਿਕਾਸ ਵਿਚ ਕਾਰਪੋਰੇਸ਼ਨ ਦਾ ਸਹਿਯੋਗ ਕਰਨਾ ਚਾਹੀਦਾ ਹੈ। ਉਹਨਾਂ ਕਾਂਗਰਸ ਕੌਂਸਲਰਾਂ ਨੂੰ ਵੀ ਤਾੜਨਾ ਕੀਤੀ ਕਿ ਕਾਰਪੋਰੇਸ਼ਨ ਹਾਊਸ ਦੀ ਅਗਲੀ ਮੀਟਿੰਗ ਵਿਚ ਬੇਤੁਕੀ ਬਿਆਨਬਾਜੀ ਕਰਨ ਜਾਂ ਆਪ ਕੌਂਸਲਰਾਂ




ਅਤੇ ਆਗੂਆਂ 'ਤੇ ਬੇਬੁਨਿਆਦ ਇਲਜਾਮ ਲਗਾਉਣ ਤੋਂ ਗੁਰੇਜ ਕਰਨ। ਡਿਪਟੀ ਮੇਅਰ ਵਿੱਕੀ ਸੂਦ ਅਤੇ ਕੌਂਸਲਰ ਵਿਜੇ ਬਸੰਤ ਨਗਰ ਨੇ ਕਿਹਾ ਕਿ ਕਾਂਗਰਸ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਅਤੇ ਉਹਨਾਂ ਦੇ ਸਾਥੀਆਂ ਨੇ ਹੁਣ ਤੱਕ ਕਾਰਪੋਰੇਸ਼ਨ ਨੂੰ ਲੁੱਟ ਖਸੁੱਟ ਦਾ ਅੱਡਾ ਬਣਾਇਆ ਹੋਇਆ ਸੀ। ਉਹਨਾਂ ਕਿਹਾ ਕਿ ਕਾਰਪੋਰੇਸ਼ਨ ਦੀਆਂ ਸਟਰੀਟ ਲਾਈਟਾਂ ਦੀ ਰਿਪੇਅਰ ਦਾ ਜੋ ਟੈਂਡਰ ਪਹਿਲਾਂ 12.50 ਲੱਖ ਰੁਪਏ ਵਿਚ ਖੋਲ੍ਹਿਆ ਜਾਂਦਾ ਸੀ, ਸੂਬੇ ਵਿਚ ਆਪ ਪਾਰਟੀ ਦੀ ਸਰਕਾਰ ਬਣਨ ਤੋਂ ਬਾਅਦ ਉਹੀ ਰਿਪੇਅਰ ਦਾ ਕੰਮ ਠੇਕੇਦਾਰ ਨੂੰ ਸਿਰਫ ਤਿੰਨ ਲੱਖ ਦੇ ਟੈਂਡਰ ਰਾਹੀਂ ਦਿੱਤਾ ਗਿਆ ਹੈ। ਕਾਂਗਰਸ ਪਾਰਟੀ ਆਪਣੇ ਚਹੇਤਿਆਂ ਦੇ ਵਾਰਡਾਂ ਵਿਚ ਬਣੀਆਂ ਸੜਕਾਂ ਦੇ ਦੁਬਾਰਾ ਟੈਂਡਰ ਲਗਾ ਕੇ ਭ੍ਰਿਸ਼ਟਾਚਾਰ ਕਰ ਰਹੀ ਸੀ। ਇਸ ਸਾਰੇ ਸਕੈਮ ਦੀ ਹੁਣ ਕਾਰਪੋਰੇਸ਼ਨ ਵਲੋਂ ਵਿਜੀਲੈਂਸ ਜਾਂਚ ਕਰਵਾਈ ਜਾਵੇਗੀ। ਉਹਨਾਂ ਕਿਹਾ ਕਿ ਕਾਂਗਰਸ ਪਾਰਟੀ ਨੂੰ ਫਗਵਾੜਾ ਦੇ ਲੋਕ ਨੱਕਾਰ ਚੁੱਕੇ ਹਨ। ਜੇਕਰ ਕਾਂਗਰਸ ਨੂੰ ਆਪਣੀ ਤਾਕਤ ਤੇ ਇੰਨਾ ਹੀ ਮਾਣ ਸੀ ਤਾਂ ਨਗਰ ਨਿਗਮ ਚੋਣਾਂ ਆਪਣੇ ਬਲਬੂਤੇ 'ਤੇ ਲੜਨੀਆਂ ਚਾਹੀਦੀਆਂ ਸੀ। ਜੇਕਰ ਕਾਂਗਰਸ ਇੱਕਲਿਆਂ ਚੋਣ ਲੜਦੀ ਤਾਂ ਉਸਦੇ 10 ਕੌਂਸਲਰ ਵੀ ਨਹੀਂ ਜਿੱਤਣੇ ਸੀ। ਉਹਨਾਂ ਸ਼ਹਿਰ ਵਾਸੀਆਂ ਨੂੰ ਭਰੋਸਾ ਦਿੱਤਾ ਕਿ ਫਗਵਾੜਾ ਦੇ ਹਰ ਵਾਰਡ ਦਾ ਸਮੁੱਚਾ ਵਿਕਾਸ ਹਲਕਾ ਇੰਚਾਰਜ ਜੋਗਿੰਦਰ ਸਿੰਘ ਮਾਨ ਦੇ ਯਤਨਾਂ ਅਤੇ ਹਲਕਾ ਐਮ.ਪੀ. ਡਾ. ਰਾਜਕੁਮਾਰ ਚੱਬੇਵਾਲ ਤੇ ਪੰਜਾਬ ਸਰਕਾਰ ਦੇ ਸਹਿਯੋਗ ਨਾਲ ਕਰਵਾਇਆ ਜਾਵੇਗਾ।

# *ਫੂਡ ਸੇਫਟੀ ਟੀਮ ਨੇ ਮੋਮੋਜ਼ ਸਮੇਤ ਪੰਜ ਸੈਂਪਲ ਭਰੇ



ਕਪੂਰਥਲਾ/ਫਗਵਾੜਾ :(ਸੁਸ਼ੀਲ ਸ਼ਰਮਾ)ਦਿਲਰਾਜ ਸਿੰਘ ਕਮਿਸ਼ਨਰ ਫੂਡ ਐਂਡ ਡਰੱਗ ਐਡਮਨਿਸਟਰੇਟਰ ਦੇ ਦਿਸ਼ਾ ਨਿਰਦੇਸ਼ਾਂ ਅਤੇ ਡਿਪਟੀ ਕਮਿਸ਼ਨਰ ਕਪੂਰਥਲਾ ਅਮਿਤ ਪੰਚਾਲ ਦੇ ਹੁਕਮਾਂ ਅਤੇ ਸਿਵਲ ਸਰਜਨ ਡਾਕਟਰ ਰਿਚਾ ਭਾਟੀਆ ਦੀ ਯੋਗ ਅਗਵਾਈ ਹੇਠ ਸਹਾਇਕ ਫੂਡ ਕਮਿਸ਼ਨਰ ਰਜਿੰਦਰਪਾਲ ਸਿੰਘ ਤੇ ਐਫਐਸਓ ਮਹਿਕ ਸੈਣੀ ਨੇ ਕਪੂਰਥਲਾ ਤੋਂ ਮੋਮੋਜ਼,ਚਟਨੀ,ਚਿਕਨ ਆਦਿ ਸਮੇਤ ਪੰਜ ਸੈਂਪਲ ਭਰੇ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਹਾਇਕ ਫੂਡ ਕਮਿਸ਼ਨਰ ਰਜਿੰਦਰਪਾਲ ਸਿੰਘ ਨੇ ਦੱਸਿਆ ਕਿ ਅੱਜ ਕਪੂਰਥਲਾ ਵਿਖੇ ਸਿਹਤ ਵਿਭਾਗ ਦੀ ਫੂਡ ਸੇਫਟੀ ਵਿੰਗ ਦੀ ਟੀਮ ਵਲੋਂ ਮੋਮੋਜ਼,ਚਟਨੀ,ਚਿਕਨ ਆਦਿ ਸਮੇਤ ਪੰਜ ਸੈਂਪਲ ਭਰੇ। ਉਨ੍ਹਾਂ ਕਿਹਾ ਕਿ ਜੇਕਰ ਇਨ੍ਹਾਂ ਪਾਦਰਥਾਂ ਵਿਚ ਕਿਸੇ ਵੀ ਤਰ੍ਹਾਂ ਦੀ ਮਿਲਾਵਟ ਪਾਈ ਗਈ ਤਾਂ ਇਨ੍ਹਾਂ ਉਤੇ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਭਵਿੱਖ ਵਿਚ ਵੀ ਪਾਦ ਪਦਾਰਥ ਦੀ ਸੈਂਪਲਿੰਗ ਜਾਰੀ ਰਹੇਗੀ।

# ਐਮ.ਟੀ.ਪੀ.ਵਿਭਾਗ ਦੀ ਮਿਲੀ ਭੁਗਤ ਨਾਲ ਹੋਣ ਵਾਲੀ ਨਜਾਇਜ਼ ਉਸਾਰੀ ਤੇ ਲਗਾਈ ਜਾਵੇ ਰੋਕ- ਸੁਰੇਸ਼ ਕੁਮਾਰ ਸ਼ਰਮਾ



ਫ਼ਗਵਾੜਾ-ਅੰਮ੍ਰਿਤਸਰ (ਸੁਸ਼ੀਲ ਸ਼ਰਮਾ) ਐਮ.ਟੀ. ਪੀ.ਵਿਭਾਗ ਦੀ ਮਿਲੀਭੁਗਤ ਨਾਲ ਸਾਲ 2022 ਵਿੱਚ ਕੀਤੀ ਗਈ ਨਾਜਾਇਜ਼ ਪਲਾਟਿੰਗ ਚ ਹੁਣ ਨਾਜਾਇਜ ਹੋਟਲ ਬਣਨਾ ਹੋ ਗਿਆ ਹੈ। ਪਹਿਲੇ ਮੇਅਰ ਰਹੇ ਕਰਮਜੀਤ ਸਿੰਘ ਰਿੱਟੂ ਵੱਲੋਂ ਨਜਾਇਜ ਪਲਾਟਿੰਗ ਤੇ ਉਸਾਰੀ ਖਿਲਾਫ ਕਾਰਵਾਈ ਕਰਵਾਈ ਕਰਵਾਉਂਦਿਆਂ ਡੇਮੋਲੇਸ਼ਨ ਕਰਵਾਈ ਗਈ ਸੀ। ਇਸ ਸਬੰਧੀ ਸਾਬਕਾ ਜਿਲ੍ਹਾ ਪ੍ਰਧਾਨ ਆਮ ਆਦਮੀ ਪਾਰਟੀ ਅਤੇ ਆਰ. ਟੀ.ਆਈ.ਐਕਟੀਵਿਸਟ ਸੁਰੇਸ਼ ਕੁਮਾਰ ਸ਼ਰਮਾ ਨੇ ਪ੍ਰੈਸ ਬਿਆਨ ਰਾਹੀ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਸਾਲ 2022 ਵਿੱਚ ਕੁਈਨਜ਼ ਰੋਡ ਤੇ ਆਲੈਕਜ਼ੈਂਡਰਾ ਸਕੂਲ ਦੇ ਸਾਹਮਣੇ ਕਮਰਸ਼ੀਅਲ ਪਲਾਟਿੰਗ ਕੀਤੀ ਗਈ ਸੀ। ਪਹਿਲੇ ਮੇਅਰ ਕਰਮਜੀਤ ਸਿੰਘ ਰਿੱਟੂ ਵੱਲੋਂ ਨਾਜਾਇਜ਼ ਪਲਾਟਿੰਗ ਤੇ ਡੇਮੋਲੇਸ਼ਨ ਦੀ ਕਾਰਵਾਈ ਕਰਵਾਈ ਗਈ ਸੀ।ਪਰ ਉਹਨਾਂ ਦਾ ਕਾਰਜਕਾਲ ਖ਼ਤਮ ਹੁੰਦਿਆਂ ਹੀ ਮੌਕੇ ਤੇ ਦੁਬਾਰਾ ਗਲੀਆਂ ਦਾ ਨਿਰਮਾਣ ਕਰ ਲਿਆ ਗਿਆ ਅਤੇ ਹੁਣ ਨਜਾਇਜ਼ ਪਲਾਟਿੰਗ ਤੇ ਬਿਨਾਂ ਕਿਸੇ ਮਨਜ਼ੂਰੀ ਦੇ ਹੋਟਲ ਦਾ ਨਿਰਮਾਣ ਕੀਤਾ ਜਾ ਰਿਹਾ ਹੈ। ਸੁਰੇਸ਼ ਕੁਮਾਰ ਸ਼ਰਮਾ ਨੇ ਕਮਿਸ਼ਨਰ ਨਗਰ ਨਿਗਮ ਜਤਿੰਦਰ ਸਿੰਘ ਮੋਤੀ ਭਾਟੀਆ ਪਾਸੋਂ ਮੰਗ ਕਰਦਿਆਂ ਕਿਹਾ ਕਿ ਉਹ ਇਸ ਨਾਜਾਇਜ ਹੋਟਲ ਤੇ ਕਾਰਵਾਈ ਲਈ ਆਦੇਸ਼ ਜਾਰੀ ਕਰਨ ਅਤੇ ਬਿਲਡਿੰਗ ਵਿਭਾਗ ਦੇ ਅਧਿਕਾਰੀਆਂ ਤੇ ਕਾਰਵਾਈ ਕਰਨ ਲਈ ਪਹਿਲ ਕੀਤੀ ਜਾਵੇ।

# ਸਿੱਖਿਆ ਵਿਭਾਗ ਵੱਲੋਂ ਜ਼ਿਲ੍ਹੇ ਅੰਦਰ ਦਾਖਲਾ ਮੁਹਿੰਮ ਦਾ ਆਗਾਜ਼



ਫਗਵਾੜਾ-ਅੰਮ੍ਰਿਤਸਰ (ਸੁਸ਼ੀਲ ਸ਼ਰਮਾ) ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਅਤੇ ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸਿੱਖਿਆ ਵਿਭਾਗ ਪੰਜਾਬ ਵੱਲੋਂ ਬਿਹਤਰ ਅਨੁਭਵ ਵਿੱਦਿਆ ਮਿਆਰੀ ਮਾਣ ਪੰਜਾਬ ਦਾ ਸਕੂਲ ਸਰਕਾਰੀ ਦੇ ਨਾਅਰੇ ਹੇਠ ਨਵੇਂ ਸੈਸ਼ਨ ਲਈ ਨਰਸਰੀ ਤੋਂ ਬਾਰ੍ਹਵੀਂ ਜਮਾਤ ਤੱਕ ਸ਼ੁਰੂ ਕੀਤੀ ਗਈ 'ਦਾਖ਼ਲਾ ਮੁਹਿੰਮ' ਦਾ ਅੱਜ ਜ਼ਿਲ੍ਹੇ ਅੰਦਰ ਆਗਾਜ਼ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਵੱਲੋਂ ਗਵਾਲ ਮੰਡੀ ਦੇ ਸਰਕਾਰੀ ਸਕੂਲ ਤੋਂ ਜਾਗਰੂਕਤਾ ਵੈਨ ਨੂੰ ਝੰਡੀ ਵਿਖਾ ਕੇ ਕੀਤਾ ਗਿਆ।

ਜ਼ਿਲ੍ਹਾ ਸਿੱਖਿਆ ਅਫ਼ਸਰ ਅੰਮ੍ਰਿਤਸਰ (ਐਲੀਮੈਂਟਰੀ/ਸੈਕੰਡਰੀ) ਕੰਵਲਜੀਤ ਸਿੰਘ ਅਤੇ ਹਰਭਗਵੰਤ ਸਿੰਘ ਤੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਇੰਦੂ ਮੰਗੋਤਰਾ ਅਤੇ ਰਾਜੇਸ਼ ਖੰਨਾ ਦੀ ਸਾਂਝੀ ਦੇਖ-ਰੇਖ 'ਚ ਸ਼ੁਰੂ ਹੋਈ ਇਸ 'ਦਾਖ਼ਲਾ ਮੁਹਿੰਮ' ਦੀ ਸ਼ੁਰੂਆਤ ਮੌਕੇ ਇਕੱਤਰ ਅਧਿਕਾਰੀਆਂ,ਅਧਿਆਪਕਾਂ, ਬੱਚਿਆਂ ਤੇ ਮਾਪਿਆਂ ਨੂੰ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਸੂਬੇ ਅੰਦਰ ਸਾਰੇ ਸਰਕਾਰੀ ਸਕੂਲਾਂ ਦੀ ਕਾਇਆ ਕਲਪ ਹੋ ਰਹੀ ਹੈ। ਉਨ੍ਹਾਂ ਮਾਪਿਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਆਪਣੇ ਬੱਚਿਆਂ ਦੇ ਚੰਗੇਰੇ ਭਵਿੱਖ ਲਈ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਅੰਦਰ ਹੀ ਦਾਖ਼ਲ ਕਰਾਉਣ ਤਾਂ ਜੋ ਸਰਕਾਰ ਵੱਲੋਂ ਇਨ੍ਹਾਂ ਸਕੂਲਾਂ ਅੰਦਰ ਮਿਲਣ ਵਾਲੀਆਂ ਅਨੇਕਾਂ ਹੀ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਮਿਲ ਸਕੇ। ਉਨ੍ਹਾਂ ਇਹ ਵੀ ਕਿਹਾ ਕਿ ਇਸ ਵੇਲੇ ਸਰਕਾਰੀ ਸਕੂਲਾਂ ਅੰਦਰ ਵਿੱਦਿਆ ਪ੍ਰਾਪਤ ਕਰ ਰਹੇ ਵਿਦਿਆਰਥੀ ਹਰ ਖੇਤਰ ਚ ਵੱਡੀਆਂ ਮੱਲਾਂ ਮਾਰ ਰਹੇ ਹਨ, ਉਨ੍ਹਾਂ ਕਿਹਾ ਹੁਣ ਸਰਕਾਰੀ ਸਕੂਲਾਂ ਚ ਪੜ੍ਹਨਾ ਮਾਣ ਵਾਲੀ ਗੱਲ ਹੈ। ਉਨ੍ਹਾਂ ਇਸ ਕਾਰਜ ਦੀ ਸ਼ੁਰੂਆਤ ਮੌਕੇ ਆਪਣੇ ਹੱਥੀਂ ਵਿਦਿਆਰਥੀਆਂ ਨੂੰ ਲੱਡੂ ਵੰਡਦਿਆਂ ਉਨ੍ਹਾਂ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਸ਼ੁਭ ਇਛਾਵਾਂ ਵੀ ਦਿੱਤੀਆਂ।

ਦੱਸਣਯੋਗ ਹੈ ਕਿ ਦਾਖ਼ਲਾ ਮੁਹਿੰਮ ਤਹਿਤ ਰਵਾਨਾ ਹੋਣ ਵਾਲੀ ਇਹ ਜਾਗਰੂਕਤਾ ਵੈਨ ਜੋ 20 ਮਾਰਚ ਤੋਂ ਲੈ ਕੇ 22 ਮਾਰਚ ਤੱਕ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ,ਕਸਬਿਆਂ ਤੇ ਸ਼ਹਿਰਾਂ ਵਿੱਚ ਜਾਵੇਗੀ। ਜਿਸ ਦੌਰਾਨ ਬੱਚਿਆਂ ਦੇ ਮਾਪਿਆਂ ਤੇ ਹੋਰਨਾਂ ਆਮ ਲੋਕਾਂ ਨੂੰ ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਅੰਦਰ ਮੁਹੱਈਆ ਕਰਵਾਈ ਜਾਣ ਵਾਲੀ ਮਿਆਰੀ ਸਿੱਖਿਆ ਦੇ ਨਾਲ- ਨਾਲ ਮਿਲਣ ਵਾਲੀਆਂ ਹੋਰਨਾਂ ਸਹੂਲਤਾਂ ਤੋਂ ਵੀ ਜਾਣੂ ਕਰਵਾਇਆ ਜਾਵੇਗਾ।

ਇਸ ਮੌਕੇ ਉਪਰੋਕਤ ਤੋਂ ਇਲਾਵਾ ਬਲਾਕ ਸਿੱਖਿਆ ਅਫ਼ਸਰ ਦਿਲਬਾਗ ਸਿੰਘ,ਯਸ਼ਪਾਲ,ਜਤਿੰਦਰ ਸਿੰਘ,ਦਲਜੀਤ ਸਿੰਘ, ਪ੍ਰਿੰਸੀਪਲ ਨਵਦੀਪ ਕੌਰ, ਹੈੱਡ ਮਾਸਟਰ ਵਿਨੋਦ ਕਾਲੀਆ, ਡੀ.ਆਰ. ਸੀ.ਵਿਜੇ ਕੁਮਾਰ,ਏ.ਸੀ.ਸਮਾਰਟ ਸਕੂਲ ਰਜਿੰਦਰ ਸਿੰਘ,ਮਨੀਸ਼ ਕੁਮਾਰ ਮੇਘ,ਸੰਦੀਪ ਸਿਆਲ,ਮੀਡੀਆ ਕੋਆਰਡੀਨੇਟਰ ਪਰਮਿੰਦਰ ਸਿੰਘ ਸੰਧੂ,ਮੀਡੀਆ ਇੰਚਾਰਜ ਮਨਪ੍ਰੀਤ ਸੰਧੂ,ਬਲਜੀਤ ਸਿੰਘ ਮੱਲੀ,ਦਵਿੰਦਰ ਮੰਗੋਤਰਾ, ਸੀ.ਐਚ.ਟੀ.ਰਣਜੀਤ ਸਿੰਘ ਸੰਧੂ,ਮਨਜੀਤ ਸਿੰਘ,ਗੁਰਪ੍ਰੀਤ ਸਿੰਘ,ਲਿਵਤਾਰ ਸਿੰਘ,ਬਲਜੀਤ ਸਿੰਘ,ਗੁਰਵਿੰਦਰ ਸਿੰਘ, ਗੁਰਚਰਨ ਸਿੰਘ,ਅਰਵਿੰਦਰ ਕੁਮਾਰ,ਰਜਵੰਤ ਕੌਰ,ਮਿੰਨੀ, ਮਨਦੀਪ ਸਿੰਘ,ਕੁਲਵੰਤ ਸਿੰਘ,ਤਜਿੰਦਰ ਸਿੰਘ,ਹਰਮਨ ਵੇਰਕਾ, ਗੁਰਿੰਦਰ ਰੰਧਾਵਾ, ਗੁਰਪ੍ਰਤਾਪ ਸਿੰਘ,ਗੁਰਵੀਰ ਕੌਰ,ਰੀਨਾ, ਅਮਿਤਾ ਰੁਪਿੰਦਰ ਕੌਰ ਆਦਿ ਅਧਿਕਾਰੀਆਂ ਸਮੇਤ ਆਮ ਆਦਮੀ ਪਾਰਟੀ ਦੇ ਅਹੁਦੇਦਾਰ ਵੀ ਹਾਜ਼ਰ ਸਨ।

# ਪ੍ਰੇਮ ਨਗਰ ਸੇਵਾ ਸੁਸਾਇਟੀ ਨੇ ਲਗਾਇਆ ਫਰੀ ਆਯੂਰਵੈਦਿਕ ਮੈਡੀਕਲ ਚੈਕਅੱਪ ਕੈਂਪ



ਫਗਵਾੜਾ ( ਸੁਸ਼ੀਲ ਸ਼ਰਮਾ ) ਨਗਰ ਕੌਂਸਲ ਫਗਵਾੜਾ ਦੇ ਸਾਬਕਾ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਦੇ ਯਤਨਾਂ ਸਦਕਾ ਪ੍ਰੇਮ ਨਗਰ ਸੇਵਾ ਸੁਸਾਇਟੀ ਵਲੋਂ ਸਥਾਨਕ ਖੇੜਾ ਰੋਡ ਵਿਖੇ ਫਰੀ ਆਯੂਰਵੈਦਿਕ ਮੈਡੀਕਲ ਕੈਂਪ ਲਗਾਇਆ ਗਿਆ। ਇਸ ਦੌਰਾਨ ਸੀਨੀਅਰ ਫਿਜੀਸ਼ੀਅਨ ਡਾ. ਅਨੂ ਸ਼ਾਰਦਾ ਦੀ ਦੇਖਰੇਖ ਹੇਠ ਡਾ. ਰਾਜੀਵ ਆਯੁਰਵੈਦਿਕ ਅਫਸਰ ਅਤੇ ਨਰਿੰਦਰ ਕੌਰ ਟਰੇਂਡ ਦਾਈ ਨੇ 150 ਮਰੀਜਾਂ ਦਾ ਨਿਰੀਖਣ ਕੀਤਾ। ਲੋੜਵੰਦਾਂ ਨੂੰ ਇਕ ਹਫਤੇ ਦੀ ਦਵਾਈ ਫਰੀ ਦਿੱਤੀ ਗਈ। ਉਹਨਾਂ ਹਦਾਇਤ ਕੀਤੀ ਗਈ ਕਿ ਜੇਕਰ ਹੋਰ ਦਵਾਈ ਦੀ ਲੋੜ ਹੋਵੇ ਤਾਂ ਸਿਵਲ ਹਸਪਤਾਲ ਫਗਵਾੜਾ ਵਿਚ ਸਥਾਪਿਤ ਆਯੁਰਵੈਦਿਕ ਕੇਂਦਰ ਤੋਂ ਫਰੀ ਹਾਸਲ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਦਿੰਦਿਆਂ ਮਲਕੀਅਤ ਸਿੰਘ ਰਘਬੋਤਰਾ ਨੇ ਦੱਸਿਆ ਕਿ ਕੈਂਪ ਦਾ ਵਾਤ ਰੋਗ, ਉਦਰ ਵਿਕਾਰ, ਗਠੀਆ ਤੇ ਚਮੜੀ ਦੇ ਪੁਰਾਣੇ ਰੋਗੀਆਂ ਨੇ ਭਰਪੂਰ ਲਾਭ ਉਠਾਇਆ। ਉਹਨਾਂ ਦੱਸਿਆ ਕਿ ਕੈਂਪ ਦੌਰਾਨ ਹਾਜਰੀਨ ਨੂੰ ਆਯੁਰਵੈਦਿਕ ਇਲਾਜ ਪ੍ਰਣਾਲੀ ਸਬੰਧੀ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਇਸ ਤੋਂ ਪਹਿਲਾਂ ਪ੍ਰੇਮ ਨਗਰ ਸੇਵਾ ਸੁਸਾਇਟੀ ਦੇ ਪ੍ਰਧਾਨ ਸੁਧੀਰ ਸ਼ਰਮਾ ਅਤੇ ਸਕੱਤਰ ਸੁਰਿੰਦਰ ਪਾਲ ਨੇ ਸਮੂਹ ਪਤਵੰਤਿਆਂ ਦਾ ਸਵਾਗਤ ਕੀਤਾ। ਕੈਂਪ ਨੂੰ ਸਫਲ ਬਨਾਉਣ ਵਿਚ ਸੁਰਿੰਦਰ ਵਰਮਾ, ਵੰਦਨਾ ਸ਼ਰਮਾ, ਨਵਦੀਪ ਕੌਰ, ਐਸ.ਸੀ. ਚਾਵਲਾ, ਬ੍ਰਿਜ ਭੂਸ਼ਨ ਦਾ ਵਿਸ਼ੇਸ਼ ਸਹਿਯੋਗ ਰਿਹਾ। ਇਸ ਮੌਕੇ ਰੂਪ ਲਾਲ, ਸੁਧਾ ਬੇਦੀ, ਅਸ਼ਵਨੀ ਸ਼ਰਮਾ, ਮੋਹਨ ਲਾਲ ਤਨੇਜਾ, ਕ੍ਰਿਸ਼ਨ ਕੁਮਾਰ ਸਮੇਤ ਹੋਰ ਪਤਵੰਤੇ ਹਾਜਰ ਸਨ।

# ਵੱਧ ਰਹੀਆ ਅਪਰਾਧਿਕ ਘਟਨਾਵਾਂ ਦਾ ਮੁੱਖ ਕਾਰਨ ਨੌਜਵਾਨਾਂ ਵਿੱਚ ਵੱਧ ਰਿਹਾ ਨਸ਼ੇ ਦਾ ਰੁਝਾਨ:ਡਿੰਪੀ ਚੌਹਾਨ



ਅੰਮ੍ਰਿਤਸਰ((ਲੋਕ ਬਾਣੀ)) ਰਾਸ਼ਟਰੀ ਹਿੰਦੂ ਚੇਤਨਾ ਮੰਚ ਦੇ ਕੌਮੀ ਪ੍ਰਧਾਨ ਅਸ਼ੋਕ ਡਿੰਪੀ ਚੌਹਾਨ ਨੇ ਜਵਾਹਰ ਨਗਰ ਬਟਾਲਾ ਰੋਡ ਵਿਖੇ ਕਰਵਾਈ ਗਈ ਮੀਟਿੰਗ ਵਿੱਚ ਹਾਜ਼ਰ ਨੌਜਵਾਨਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਨੌਜਵਾਨਾਂ ਵਿਚ ਵੱਧ ਰਿਹਾ ਨਸ਼ੇ ਦਾ ਰੁਝਾਨ ਹੀ ਅਪਰਾਧਿਕ ਘਟਨਾਵਾਂ ਦਾ ਮੁੱਖ ਕਾਰਨ ਹੈ। ਉਹਨਾਂ ਨੇ ਕਿਹਾ ਕਿ ਨਸ਼ਾ ਕਈ ਘਰ ਬਰਬਾਦ ਕਰਨ ਦੇ ਨਾਲ ਨਾਲ ਨੌਜਵਾਨਾਂ ਦੀ ਜਵਾਨੀ ਨੂੰ ਵੀ ਤਬਾਹ ਕਰ ਰਿਹਾ ਹੈ। ਡਿੰਪੀ ਚੌਹਾਨ ਨੇ ਕਿਹਾ ਕਿ ਰਾਸ਼ਟਰੀ ਹਿੰਦੂ ਚੇਤਨਾ ਮੰਚ ਵੱਲੋ ਨੌਜਵਾਨਾਂ ਨੂੰ ਨਸ਼ਿਆਂ ਤੋਂ ਹੋ ਰਹੇ ਨੁਕਸਾਨ ਤੋਂ ਜਾਣੂ ਕਰਵਾਉਣ ਲਈ ਇੱਕ ਸੈਮੀਨਾਰ ਆਯੋਜਿਤ ਕੀਤਾ ਜਾਵੇਗਾ। ਉਹਨਾਂ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਮਾਨ ਵੱਲੋਂ ਸ਼ੁਰੂ ਕੀਤਾ ਗਿਆ ਯੁੱਧ ਨਸ਼ਿਆਂ ਵਿਰੁੱਧ ਅਭਿਆਨ ਬਹੁਤ ਹੀ ਸਲਾਗਾ ਯੋਗ ਕਦਮ ਹੈ। ਇਸ ਨਾਲ ਨਸ਼ਿਆਂ ਦੇ ਸੌਦਾਗਰ ਜਾਂ ਤਾਂ ਨਸ਼ਾ ਬੰਦ ਕਰਨਗੇ ਜਾਂ ਪੰਜਾਬ ਛੱਡ ਕੇ ਭੱਜ ਜਾਣਗੇ। ਉਹਨਾਂ ਨੇ ਕਿਹਾ ਕਿ ਅੰਮ੍ਰਿਤਸਰ ਦੇ ਪੁਲਿਸ ਕਮਿਸ਼ਨਰ ਵੱਲੋਂ ਨਸ਼ਿਆਂ ਅਤੇ ਅਪਰਾਧਿਕ ਘਟਨਾਵਾਂ ਨੂੰ ਅੰਜਾਮ ਦੇਣ ਵਾਲਿਆਂ ਦੇ ਵਿਰੁੱਧ ਕੀਤੀ ਜਾ ਰਹੀ ਕਾਰਵਾਈ ਬਹੁਤ ਹੀ ਸ਼ਲਾਘਾਯੋਗ ਹੈ ਅਤੇ ਜਲਦੀ ਹੀ ਮੰਚ ਵੱਲੋਂ ਪੁਲਿਸ ਕਮਿਸ਼ਨਰ ਸਰਦਾਰ ਗੁਰਪ੍ਰੀਤ ਸਿੰਘ ਭੁੱਲਰ ਨੂੰ ਯੁਵਾ ਚੇਤਨਾ ਐਵਾਰਡ ਦੇ ਨਾਲ ਸਨਮਾਨਿਤ ਕੀਤਾ ਜਾਵੇਗਾ। ਇਸ ਮੀਟਿੰਗ ਵਿੱਚ ਮੰਚ ਦੇ ਕੌਮੀ ਜਨਰਲ ਸਕੱਤਰ ਸੰਜੀਵ ਮਹਿਤਾ, ਸੂਬਾ ਪ੍ਰਧਾਨ ਅਨੁਜ ਖੇਮਕਾ, ਸੂਬਾ ਜਨਰਲ ਸਕੱਤਰ ਡੀਸੀ ਠਾਕੁਰ, ਮੀਤ ਪ੍ਰਧਾਨ ਰਾਕੇਸ਼ ਖੰਨਾ, ਸ਼ੰਕਰ ਅਰੋੜਾ, ਨਰੇਸ਼ ਮਹਾਜਨ, ਜਿਲਾ ਜਨਰਲ ਸਕੱਤਰ ਪ੍ਰਦੀਪ ਸ਼ਰਮਾ, ਅਮਨ ਜੋਸ਼ੀ, ਸੰਦੀਪ ਸੱਗਰ, ਗੋਰਾ ਲੂਥਰਾ ਅਤੇ ਵਿਜੇ ਚੌਹਾਨ ਵੀ ਹਾਜ਼ਰ ਸਨ।

# ਜੋਗਿੰਦਰ ਸਿੰਘ ਮਾਨ ਨੇ ਸਰਕਾਰੀ ਮਿਡਲ ਸਮਾਰਟ ਸਕੂਲ ਖੇੜਾ ਵਿਖੇ ਕਰਵਾਈ ਨਵੇਂ ਵਿਦਿਅਕ ਸੈਸ਼ਨ ਲਈ ਦਾਖਲੇ ਦੀ ਸ਼ੁਰੂਆਤ





ਫਗਵਾੜਾ ( ਸੁਸ਼ੀਲ ਸ਼ਰਮਾ ) ਆਮ ਆਦਮੀ ਪਾਰਟੀ ਵਿਧਾਨਸਭਾ ਹਲਕਾ ਫਗਵਾੜਾ ਦੇ ਇੰਚਾਰਜ ਜੋਗਿੰਦਰ ਸਿੰਘ ਮਾਨ ਨੇ ਅੱਜ ਹਲਕੇ ਦੇ ਪਿੰਡ ਖੇੜਾ ਸਥਿਤ ਸਰਕਾਰੀ ਮਿਡਲ ਸਮਾਰਟ ਸਕੂਲ 'ਚ ਵਿਦਿਅਕ ਸੈਸ਼ਨ 2025-26 ਦੇ ਲਈ ਵਿਦਿਆਰਥੀਆਂ ਦੇ ਦਾਖਲੇ ਦੀ ਸ਼ੁਰੂਆਤ ਕਰਵਾਈ। ਇਸ ਦੌਰਾਨ ਉਹਨਾਂ ਨੇ ਵੱਧ ਤੋਂ ਵੱਧ ਵਿਦਿਆਰਥੀਆਂ ਦੇ ਸਕੂਲ ਵਿਚ ਦਾਖਲੇ ਪ੍ਰਤੀ ਆਮ ਲੋਕਾਂ ਨੂੰ ਜਾਗਰੁਕ ਕਰਨ ਲਈ ਇਕ ਆਟੋ ਨੂੰ ਵੀ ਝੰਡੀ ਦਿਖਾ ਕੇ ਰਵਾਨਾ ਕੀਤਾ। ਜੋਗਿੰਦਰ ਮਾਨ ਨੇ ਹਾਜਰੀਨ ਨੂੰ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੇ ਦਿਸ਼ਾ-ਨਿਰਦੇਸ਼ਾਂ ਹੇਠ ਸਿੱਖਿਆ ਵਿਭਾਗ ਵਲੋਂ ਸਰਕਾਰੀ ਸਕੂਲਾਂ ਨੂੰ ਸਕੂਲ ਆਫ ਐਮੀਨੈਂਸ ਵਜੋਂ ਵਿਕਸਤ ਕਰਕੇ ਪ੍ਰਾਈਵੇਟ ਸਕੂਲਾਂ ਵਰਗੀਆਂ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ। ਸਰਕਾਰੀ ਸਕੂਲਾਂ ਦੀਆਂ ਇਮਾਰਤਾਂ ਦਾ ਵੀ ਨਵੀਨੀਕਰਣ ਕੀਤਾ ਜਾ ਰਿਹਾ ਹੈ। ਉਹਨਾਂ ਦੱਸਿਆ ਕਿ ਅੱਜ ਹੀ ਮੁੱਖ ਮੰਤਰੀ ਭਗਵੰਤ ਮਾਨ ਨੇ 252 ਸਕੂਲ ਪ੍ਰਿੰਸੀਪਲਾਂ ਅਤੇ 951 ਈ.ਟੀ.ਟੀ. ਅਧਿਆਪਕਾਂ ਨੂੰ ਨਿਯੁਕਤੀ ਪੱਤਰ ਵੀ ਜਾਰੀ ਕੀਤੇ ਹਨ। ਸਕੂਲ ਇੰਚਾਰਜ ਮਿੰਟੂ ਗੁਪਤਾ ਨੇ ਦੱਸਿਆ ਕਿ ਇਸ ਸਮਾਰਟ ਸਕੂਲ ਵਿਚ ਬੱਚਿਆਂ ਨੂੰ ਵਧੀਆਂ ਸਹੂਲਤਾਂ ਦੇ ਨਾਲ ਮਿਡ-ਡੇ-ਮੀਲ ਵੀ ਦਿੱਤੀ ਜਾ ਰਹੀ ਹੈ। ਸਰਕਾਰ ਵਲੋਂ ਕਿਤਾਬਾਂ ਅਤੇ ਵਰਦੀਆਂ ਫਰੀ ਦਿੱਤੀਆਂ ਜਾਂਦੀਆਂ ਹਨ। ਹੋਣਹਾਰ ਅਤੇ ਲੋੜਵੰਦ ਵਿਦਿਆਰਥੀਆਂ ਨੂੰ ਵਜੀਫੇ ਦੀ ਸਹੂਲਤ ਵੀ ਪੰਜਾਬ ਸਰਕਾਰ ਦੇ ਰਹੀ ਹੈ। ਉਹਨਾਂ ਸਮੂਹ ਮਾਪਿਆਂ ਨੂੰ ਪੁਰਜੋਰ ਅਪੀਲ ਕੀਤੀ ਕਿ ਆਪਣੇ ਬੱਚਿਆਂ ਨੂੰ ਇਸ ਸਰਕਾਰੀ ਸਕੂਲ ਵਿਚ ਦਾਖਲ ਕਰਵਾਉਣ ਤਾਂ ਜੋ ਪੰਜਾਬ ਸਰਕਾਰ ਅਤੇ ਸਿੱਖਿਆ ਵਿਭਾਗ ਵਲੋਂ ਮਿਲਣ ਵਾਲੀਆਂ ਸਹੂਲਤਾਂ ਦਾ ਲਾਭ ਉਹਨਾਂ ਦੇ ਬੱਚਿਆ ਨੂੰ ਪ੍ਰਾਪਤ ਹੋ ਸਕੇ। ਇਸ ਮੌਕੇ ਕੁਲਦੀਪ ਸਿੰਘ ਕਿਰਨਾ, ਗੁਰਬਖਸ਼ ਕੌਰ ਸਰਪੰਚ, ਵਰਿੰਦਰ ਸਿੰਘ ਕੰਬੋਜ, ਹਰਸਿਮਰਨ ਸਿੰਘ, ਹਰਜਿੰਦਰ ਸਿੰਘ, ਮੈਡਮ ਗੁਰਦੀਪ ਕੌਰ, ਇੰਦਰਜੀਤ ਸਿੰਘ, ਦਰਸ਼ਨ ਕੁਮਾਰੀ, ਨੇਹਾ, ਸੁਨੀਤਾ, ਸੁਮਿਤਾ, ਸੋਨੀਆ ਕਪੂਰ ਆਦਿ ਹਾਜਰ ਸਨ।

# ਸ਼ਿਵ ਸ਼ੰਕਰ ਬੱਲਡ ਸੇਵਾ ਵੈਲਫੇਅਰ ਸੁਸਾਇਟੀ ਰਜਿ ਫਗਵਾੜਾ ਵਲੋਂਮਹਾਂਨ ਖੂਨਦਾਨ ਕੈਂਪ ਮਿਤੀ 23 ਮਾਰਚ ਦਿਨ ਐਤਵਾਰ ਨੂੰ



ਫਗਵਾੜਾ ( ਸੁਸ਼ੀਲ ਸ਼ਰਮਾ ) ਸ਼ਿਵ ਸ਼ੰਕਰ ਬੱਲਡ ਸੇਵਾ ਵੈਲਫੇਅਰ ਸੁਸਾਇਟੀ ਰਜਿ ਫਗਵਾੜਾ ਵਲੋਂ ਸ਼ਹੀਦੇ ਆਜ਼ਮ ਸ੍ਰ ਭਗਤ ਸਿੰਘ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਮਹਾਂਨ ਖੂਨਦਾਨ ਕੈਂਪ ਮਿਤੀ 23 ਮਾਰਚ ਦਿਨ ਐਤਵਾਰ ਸਵੇਰੇ ਠੀਕ 9.00 ਵਜੇ ਤੋਂ ਸ਼ਾਮ 5.00 ਵਜੇ ਤੱਕ ਸ੍ਰੀ ਹਨੂੰਮਾਨ ਗੜ੍ਹੀ ਮੰਦਰ ਨਜ਼ਦੀਕ ਬੱਸ ਸਟੈਂਡ ਫਗਵਾੜਾ ਵਿਖੇ ਲਗਾਇਆ ਜਾਵੇਗਾ ਇਸ ਸਬੰਧੀ ਜਾਣਕਾਰੀ ਦਿੰਦਿਆਂ ਸੁਸਾਇਟੀ ਦੇ ਪ੍ਰਧਾਨ ਲੱਲਨ ਕੁਮਾਰ ਨੇ ਸਮੂਹ ਨੋਜਵਾਨ ਪੀੜੀ ਨੂੰ ਨਸ਼ਿਆ ਤੋ ਦੂਰ ਰਹਿ ਖੂਨਦਾਨ ਕਰਨ ਲਈ ਪ੍ਰੇਰਦਿਆ ਆਖਿਆ ਕਿ ਖੂਨਦਾਨ ਇੱਕ ਮਹਾਨ ਕਾਰਜ ਹੈ ਜੋ ਕਿ ਚਾਰ ਜ਼ਿੰਦਗੀਆਂ ਨੂੰ ਬਚਾਉਣ ਚ ਸਹਾਈ ਹੁੰਦਾ ਹੈ ਉਨ੍ਹਾਂ ਕਿਹਾ ਕਿ ਜੋ ਵੀ ਨੋਜਵਾਨ ਸ਼ਹੀਦੇ ਆਜ਼ਮ ਸ੍ਰ ਭਗਤ ਸਿੰਘ ਜੀ ਦੇ ਸ਼ਹੀਦੀ ਦਿਹਾੜੇ ਤੇ ਸਵੈ ਇੱਛਾ ਅਨੁਸਾਰ ਅਪਣਾ ਖੂਨਦਾਨ ਕਰਨਗੇ ਇਹ ਸ੍ਰ ਭਗਤ ਸਿੰਘ ਜੀ ਨੂੰ ਸੱਚੀ ਸੁੱਚੀ ਸ਼ਰਧਾਂਜਲੀ ਹੋਵੇਗੀ

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਖ਼ਾਲਸਾ ਕਾਲਜ ਡੁਮੇਲੀ ਵਿਖੇ ਨਸ਼ਿਆਂ ਖਿਲਾਫ ਜੰਗ ਵਿਸ਼ੇ ਤੇ ਕਰਵਾਈ ਗਈ ਵਰਕਸ਼ਾਪ

ਫ਼ਗਵਾੜਾ (ਸੁਸ਼ੀਲ ਸ਼ਰਮਾ) ਰਾਸ਼ਟਰੀ ਮਹਿਲਾ ਆਯੋਗ ਨਵੀਂ ਦਿੱਲੀ ਅਤੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਸਹਿਯੋਗ ਨਾਲ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਧੀਨ ਚੱਲ ਰਹੇ ਵਿਦਿਅਕ ਅਦਾਰੇ ਸੰਤ ਬਾਬਾ ਦਲੀਪ ਸਿੰਘ ਮੈਮੋਰੀਅਲ ਖ਼ਾਲਸਾ ਕਾਲਜ ਅਤੇ ਗੁਰੂ ਹਰਕ੍ਰਿਸ਼ਨ ਚੈਰੀਟੇਬਲ ਫਾਊਂਡੇਸ਼ਨ ਨੂਰੜ ਪਾਂਸ਼ਟ ਵੱਲੋਂ ਕਾਲਜ ਕੈਂਪਸ ਵਿੱਚ ਨਸ਼ਾ ਮੁਕਤ ਭਵਿੱਖ ਅਤੇ ਨਸ਼ੇ ਖਿਲਾਫ ਜੰਗ ਔਰਤਾਂ ਦਾ ਖਾਮੋਸ਼ ਦਰਦ, ਭੂਮਿਕਾ,ਚੁਣੌਤੀਆਂ,ਮੁਸ਼ਕਲਾਂ,ਰੋਕਥਾਮ, ਹੱਲ ਅਤੇ ਸਿੱਖਿਆ ਤੇ ਬਹਾਲੀ ਉੱਪਰ ਇੱਕ ਰੋਜ਼ਾ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਸ਼੍ਰੀ ਜੀਤੇਦਰ ਰੰਜਨ ਸੁਪਰਡੰਟ ਨਾਰਕੋਟਿਕਸ ਸੈਂਟਰਲ ਬਿਊਰੋ ਅੰਮ੍ਰਿਤਸਰ,ਡਾ.ਰੋਹਿਲ ਓਬਰਾਏ, ਡੀ.ਏ.ਵੀ.ਕਾਲਜ ਚੰਡੀਗੜ੍ਹ ਅਤੇ ਮਿਸਿਜ ਵਿਭੂਤੀ ਸ਼ਰਮਾ ਅਰੋੜਾ ਅਸਿਸਟੈਂਟ ਲੀਗਲ ਏਡ ਡਿਫੈਂਸ ਕੌਂਸਿਲ,ਪ੍ਰੋ. ਅਵਤਾਰ ਸਿੰਘ ਰਾਮਗੜ੍ਹੀਆ ਕਾਲਜ ਫਗਵਾੜਾ,ਸ. ਭਗਵੰਤ ਸਿੰਘ ਕੋਚ, ਸ.ਅਮਰਿੰਦਰਪਾਲ ਸਿੰਘ ਸਿੱਧੂ ਕੋਚ,ਪ੍ਰੋ.ਰਣਜੀਤ ਸੈਣੀ ਸਰਕਾਰੀ ਕਾਲਜ ਹੁਸ਼ਿਆਰਪੁਰ ਰਾਸ਼ਟਰੀ ਮਹਿਲਾ ਆਯੋਗ ਨਵੀਂ ਦਿੱਲੀ ਵੱਲੋਂ ਵਿਸ਼ੇਸ਼ ਬੁਲਾਰੇ ਵਜੋਂ ਪਹੁੰਚੇ। ਉਦਘਟਨੀ ਭਾਸ਼ਣ ਵਿੱਚ ਗੁਰੂ ਹਰਕ੍ਰਿਸ਼ਨ ਚੈਰੀਟੇਬਲ ਫਾਊਂਡੇਸ਼ਨ ਨੂਰੜ ਪਾਂਸ਼ਟ ਦੇ ਚੇਅਪਰਸਨ ਸ.ਕਿਰਪਾਲ ਸਿੰਘ ਮਾਇਓਪੱਟੀ ਨੇ ਕਿਹਾ ਕਿ ਪੰਜਾਬ ਵਿੱਚ ਵਧ ਰਹੇ ਨਸ਼ਿਆਂ ਦੇ ਰੁਝਾਨ ਨੂੰ ਠੱਲ੍ਹ ਪਾਉਣ ਲਈ ਐਨ.ਜੀ.ਓ.ਨੂੰ ਆਪਣਾ ਬਣਦਾ ਯੋਗਦਾਨ ਪਾਉਂਣਾ ਚਾਹੀਦਾ ਹੈ। ਪ੍ਰ.ਅਵਤਾਰ ਸਿੰਘ ਜੀ ਨੇ ਆਪਣੇ ਕੁੰਜੀਵਤ ਭਾਸ਼ਣ ਵਿਚ ਨੌਜਵਾਨਾਂ ਦੇ ਨਸ਼ਿਆਂ ਵੱਲ ਜਾਣ ਦੇ ਆਰਥਿਕ ਅਤੇ ਮਾਨਸਿਕ ਕਾਰਨਾਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ। ਮਿਸਿਜ ਵਿਭੂਤੀ ਸ਼ਰਮਾ ਅਰੋੜਾ ਜੀ ਪਹਿਲੇ ਟੈਕਨੀਕਲ ਸੈਸ਼ਨ ਵਿੱਚ ਬੋਲਦਿਆਂ ਨਸ਼ਿਆਂ ਦੀ ਰੋਕਥਾਮ, ਸੈਕਸੁਅਲ ਹਰਾਸਮੈਂਟ ਅਤੇ ਨੈਸ਼ਨਲ ਲੀਗਲ ਸਰਵਿਸ ਅਥਾਰਟੀ ਦੀਆਂ ਵੱਖ-ਵੱਖ ਸਕੀਮਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਦੂਸਰੇ ਟੈਕਨੀਕਲ ਸੈਸ਼ਨ ਵਿੱਚ ਸ਼੍ਰੀ ਜੀਤੇਦਰ ਰੰਜਨ ਨੇ ਨਸ਼ਿਆਂ ਦੀਆਂ ਕਿਸਮਾਂ ਅਤੇ ਇਹਨਾਂ ਦੇ ਬੁਰੇ ਪ੍ਰਭਾਵਾਂ ਨੂੰ ਰੋਕਣ ਲਈ ਸਰਕਾਰ ਦੁਆਰਾ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਤੀਸਰੇ ਟੈਕਨੀਕਲ ਸੈਸ਼ਨ ਵਿਚ ਡਾ. ਰੋਹਿਲ ਉਬਰਾਏ ਨੇ ਨਸ਼ਿਆਂ ਦੀ ਰੋਕਥਾਮ ਦੇ ਲਈ ਇੱਕ ਇਸਤਰੀ ਦੀ ਕੀ ਭੂਮਿਕਾ ਹੋ ਸਕਦੀ ਹੈ ਬਾਰੇ ਵਿਚਾਰ ਪੇਸ਼ ਕੀਤੇ। ਅੰਤਿਮ ਸੈਸ਼ਨ ਵਿਚ ਸ.ਅਮਰਿੰਦਰਪਾਲ ਸਿੰਘ ਸਿੱਧੂ ਕੋਚ ਸਾਹਿਬ ਨੇ ਕਾਲਜ ਵੱਲੋਂ ਲਗਾਈ ਗਈ ਇਸ ਵਰਕਸ਼ਾਪ ਨੂੰ ਸਾਰਥਿਕ ਦਸਿਆ ਅਤੇ ਰਾਸ਼ਟਰੀ ਮਹਿਲਾ ਕਮਿਸ਼ਨ,ਨਵੀਂ ਦਿੱਲੀ ਅਤੇ ਪੰਜਾਬ ਯੂਨਵਰਸਿਟੀ, ਚੰਡੀਗੜ੍ਹ ਖੁੱਲ੍ਹ ਕੇ ਪ੍ਰਸੰਸਾ ਕੀਤੀ ਗਈ। ਇਸ ਮੌਕੇ ਸ.ਭਗਵੰਤ ਸਿੰਘ ਕੋਚ ਸਾਹਿਬ ਪ੍ਰੋ. ਰਣਜੀਤ ਸੈਣੀ ਨੇ ਵਿਦਿਆਰਥੀਆਂ ਨੂੰ ਨਸ਼ਿਆਂ ਦੀ ਰੋਕਥਾਮ ਲਈ ਯਤਨ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਮੈਡਮ ਰਜਮੀਤ ਕੌਰ ਜੀ,ਪ੍ਰੋ.ਰਣਜੀਤ ਸਿੰਘ ਮਾਤਾ ਗੁਜਰੀ ਖ਼ਾਲਸਾ ਕਾਲਜ ਕਰਤਾਰਪੁਰ,ਪ੍ਰੋ.ਕੁਲਵਿੰਦਰ ਕੌਰ ਸਰਕਾਰੀ ਕਾਲਜ ਹੁਸ਼ਿਆਰਪੁਰ,ਪ੍ਰੋ.ਲਖਵਿੰਦਰ ਕੌਰ,ਪ੍ਰੋ. ਕੁਲਵੰਤ ਕੌਰ ਗੁਰੂ ਨਾਨਕ ਖ਼ਾਲਸਾ ਕਾਲਜ ਡਰੋਲੀ ਕਲਾਂ,ਐਡਵੋਕੇਟ ਜਸਵੰਤ ਸਿੰਘ ਫਗਵਾੜਾ,ਪ੍ਰੋ. ਅਮਰਜੀਤ ਸਿੰਘ ਦਿਹਾਣਾ,ਸਰਕਾਰੀ ਕਾਲਜ ਹੁਸ਼ਿਆਰਪੁਰ,ਸ੍ਰ.ਅਵਤਾਰ ਸਿੰਘ ਭੋਗਲ, ਸ੍ਰ.ਸੰਦੀਪ ਸਿੰਘ ਪਰਮਾਰ,ਸ੍ਰੀ ਸੰਦੀਪ ਭਾਰਦਵਾਜ,ਸ੍ਰੀ ਸੰਨੀ ਮਹਿਤਾ ਵਿਸ਼ੇਸ਼ ਤੌਰ ਤੇ ਪਹੁੰਚੇ। ਇਸ ਮੌਕੇ ਪ੍ਰਿੰਸੀਪਲ ਡਾ.ਗੁਰਨਾਮ ਸਿੰਘ ਰਸੂਲਪੁਰ ਜੀ ਦੇ ਦੁਆਰਾ ਆਏ ਹੋਏ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ। ਸਟੇਜ ਸੈਕਟਰੀ ਦੀ ਭੂਮਿਕਾ ਪ੍ਰੋ.ਅਮਰਪਾਲ ਕੌਰ ਜੀ ਦੇ ਦੁਆਰਾ ਨਿਭਾਈ ਗਈ। ਇਸ ਮੌਕੇ ਕਾਲਜ ਦਾ ਸਮੂਹ ਸਟਾਫ਼ ਮੈਂਬਰ ਅਤੇ ਵਿਦਿਆਰਥੀ ਹਾਜ਼ਰ ਸਨ।



# 23 ਮਾਰਚ ਨੂੰ ਲਗਾਏ ਜਾ ਰਹੇ ਖ਼ੂਨਦਾਨ ਕੈਂਪ ਚ ਨੌਜਵਾਨ ਵੱਧ ਤੋਂ ਵੱਧ ਸ਼ਮੂਲੀਅਤ ਕਰਨ : ਹੈਪੀ ਮਾਹੀ



ਫਗਵਾੜਾ (ਸੁਸ਼ੀਲ ਸ਼ਰਮਾ )- ਸ਼ਹੀਦ ਏ ਆਜ਼ਮ ਸਰਦਾਰ ਭਗਤ ਸਿੰਘ, ਸੁਖਦੇਵ ਅਤੇ ਰਾਜਗੁਰੂ ਦੀ ਸ਼ਹਾਦਤ ਨੂੰ ਲੱਗ ਰਹੇ ਸਵੈ-ਇੱਛੁਕ ਖ਼ੂਨਦਾਨ ਕੈਂਪ ਵਿੱਚ ਇਲਾਕੇ ਦੇ ਨੌਜਵਾਨ ਵੱਧ ਤੋਂ ਵੱਧ ਸ਼ਮੂਲੀਅਤ ਕਰਨ ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਕਰਦੇ ਹੋਏ ਇਲਾਕੇ ਦੇ ਉੱਘੇ ਸਮਾਜ ਸੇਵੀ ਹੈਪੀ ਮਾਹੀ ਨੇ ਬਾਲਾ ਜੀ ਮੋਟਰਜ਼ ਗੁਰਾਇਆ ਦੀ ਸ਼ਲਾਘਾ ਕਰਦਿਆਂ ਕਿਹਾ ਹੈ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਬਾਲਾ ਜੀ ਮੋਟਰਜ ਗੁਰਾਇਆ ਵਲੋਂ ਬੱਲਡ ਸੇਵਾ ਲਾਡੋਵਾਲੀ ਯੂਥ ਫਰੰਟ ਅਤੇ ਜੰਲਧਰ ਬੱਲਡ ਸੇਵਾ ਦੇ ਵਿਸ਼ੇਸ਼ ਸਹਿਯੋਗ ਨਾਲ ਮਹਾਂਨ ਖ਼ੂਨਦਾਨ ਕੈਂਪ ਮਿਤੀ 23 ਮਾਰਚ ਦਿਨ ਐਤਵਾਰ ਸਵੇਰੇ ਠੀਕ 10.00 ਵਜੇ ਤੋਂ ਬਾਅਦ ਦੁਪਹਿਰ 3.00 ਵਜੇ ਤੱਕ ਬਾਲਾ ਜੀ ਮੋਟਰਜ਼ ਦਾਨਾ ਮੰਡੀ ਬੜਾ ਪਿੰਡ ਰੋਡ ਗੁਰਾਇਆ ਵਿਖੇ ਲਗਾਇਆ ਜਾਵੇਗਾ ਹੋਰ ਜਾਣਕਾਰੀ ਸਾਂਝੀ ਕਰਦਿਆਂ ਹੈਪੀ ਮਾਹੀ ਨੇ ਕਿਹਾ ਕਿ ਬਾਲਾ ਜੀ ਮੋਟਰਜ ਗੁਰਾਇਆ ਵਲੋਂ ਪਿਛਲੇ ਲੰਬੇ ਸਮੇਂ ਤੋਂ ਇਲਾਕੇ ਵਿੱਚ ਲਗਾਤਾਰ ਖ਼ੂਨਦਾਨ ਕੈਂਪ ਲਗਾ ਕੇ ਨੇਕ ਉਪਰਾਲਾ ਕੀਤਾ ਜਾ ਰਿਹਾ ਹੈ ਜੋ ਕਿ ਬਹੁਤ ਵਧੀਆ ਉੱਦਮ ਹੈ ਕਿਉਂਕਿ ਖ਼ੂਨਦਾਨ ਹੀ ਮਹਾਨ ਦਾਨ ਹੈ

ਇਸ ਸਬੰਧੀ ਹੈਪੀ ਮਾਹੀ ਨੇ ਇਸ ਵਿਸ਼ਾਲ ਖ਼ੂਨਦਾਨ ਕੈਂਪ ਸੰਬੰਧੀ ਸਹਿਯੋਗ ਕਰਨ ਵਾਲੇ ਸਾਰੀਆ ਹੀ ਸਤਿਕਾਰਯੋਗ ਸ਼ਖ਼ਸੀਅਤਾਂ ਦਾ ਹੈਪੀ ਮਾਹੀ ਨੇ ਧੰਨਵਾਦ ਵੀ ਕੀਤਾ

# ਕੇ.ਐਲ. ਚਾਂਦ ਟਰੱਸਟ ਨੇ 8 ਲੋੜਵੰਦਾਂ ਨੂੰ ਦਿੱਤੀਆਂ ਵਹੀਲ ਚੇਅਰਾਂ

ਫਗਵਾੜਾ ( ਸੁਸ਼ੀਲ ਸ਼ਰਮਾ )ਅੰਗਹੀਣਾਂ ਦੀ ਸੇਵਾ ਨੂੰ ਸਮਰਪਿਤ ਸਮਾਜ ਸੇਵੀ ਜੱਥੇਬੰਦੀ ਕੇ.ਐੱਲ ਚਾਂਦ ਵੈਲਫੇਅਰ ਟਰੱਸਟ ਯੂ.ਕੇ ਦੀ ਪੰਜਾਬ ਇਕਾਈ ਵਲੋਂ ਦੇਸ਼ ਭਗਤ ਸ਼ਹੀਦਾਂ ਨੂੰ ਸਮਰਪਿਤ ਕਰਦੇ ਹੋਏ 8 ਅੰਗਹੀਣਾਂ ਨੂੰ ਵਹੀਲ ਚੇਅਰਾਂ ਭੇਂਟ ਕੀਤੀਆਂ ਹਨ। ਟਰੱਸਟ ਦੇ ਸੂਬਾ ਕੋਆਡੀਨੇਟਰ ਰਜਿੰਦਰ ਕੁਮਾਰ ਬੰਟੀ ਦੀ ਅਗਵਾਈ ਹੇਠ ਗੁਰਦੁਆਰਾ ਸ਼੍ਰੀ ਗੁਰੂ ਰਵਿਦਾਸ ਮੁਹੱਲਾ ਸ਼ਿਵਪੁਰੀ ਸ਼ਾਮ ਨਗਰ ਵਿਖੇ ਆਯੋਜਿਤ ਸਮਾਗਮ ਦੌਰਾਨ ਟਰੱਸਟ ਦੇ ਫਾਉਂਡਰ ਅਤੇ ਐਨ.ਆਰ.ਆਈ. ਕੇ.ਐਲ. ਚਾਂਦ ਪਰਿਵਾਰ ਸਮੇਤ ਸ਼ਾਮਲ ਹੋਏ। ਜਦਕਿ ਵਿਸ਼ੇਸ਼ ਮਹਿਮਾਨਾਂ ਵਜੋਂ ਸੋਢੀ ਰਾਮ ਵਿਰਦੀ ਯੂ.ਕੇ., ਕੌਂਸਲਰ ਅਨੀਤਾ ਰਾਣੀ, ਕੌਂਸਲਰ ਅਮਨਦੀਪ ਕੌਰ, ਕੌਂਸਲਰ ਜਸਵਿੰਦਰ ਸਿੰਘ, ਡਾ. ਮਨਦੀਪ ਸਿੰਘ (ਡੈਂਟਿਸਟ) ਅਤੇ ਬਲੱਡ ਬੈਂਕ ਫਗਵਾੜਾ ਦੇ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਨੇ ਸ਼ਿਰਕਤ ਕੀਤੀ। ਸਮਾਗਮ ਦੌਰਾਨ 8 ਲੋੜਵੰਦਾਂ ਨੂੰ ਵਹੀਲ ਚੇਅਰਾਂ ਭੇਂਟ ਕੀਤੀਆਂ ਗਈਆਂ। ਜਿਹਨਾਂ ਵਿੱਚ ਇਕ ਇਲੈਕਟ੍ਰਿਕ ਵਹੀਲ ਚੇਅਰ ਵੀ ਸ਼ਾਮਲ ਸੀ। ਮੁੱਖ ਮਹਿਮਾਨ ਕੇ.ਐਲ. ਚਾਂਦ ਨੇ ਸੰਬੋਧਨ ਕਰਦਿਆਂ ਦੱਸਿਆ ਕਿ ਕਰੀਬ 10 ਸਾਲ ਪਹਿਲਾਂ ਜਦੋਂ ਉਹਨਾਂ ਨੇ ਇਸ ਟਰੱਸਟ ਦਾ ਗਠਨ ਕੀਤਾ ਸੀ ਤਾਂ ਸੋਚਿਆ ਨਹੀਂ ਸੀ ਕਿ ਦੇਸ਼ ਵਿਦੇਸ਼ ਦੇ ਦਾਨੀ ਸੱਜਣਾਂ ਦਾ ਇੰਨਾ ਭਰਪੂਰ ਸਹਿਯੋਗ ਪ੍ਰਾਪਤ ਹੋਵੇਗਾ। ਪਰ ਖੁਸ਼ੀ ਦੀ ਗੱਲ ਹੈ ਕਿ ਅੱਜ 10 ਸਾਲ ਤੋਂ ਲਗਾਤਾਰ ਇਹ ਸੇਵਾ ਕਾਰਜ ਜਾਰੀ ਹੈ। ਉਹਨਾਂ ਸਮੂਹ ਸਹਿਯੋਗੀ ਸੱਜਣਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਭਰੋਸਾ ਦਿੱਤਾ ਕਿ ਇਸ ਮੁਹਿਮ ਨੂੰ ਅੱਗੇ ਵੀ ਜਾਰੀ ਰੱਖਣਗੇ। ਇਸ ਦੌਰਾਨ ਟਰੱਸਟ ਦੇ ਸੂਬਾ ਕੋਆਡੀਨੇਟਰ ਰਜਿੰਦਰ ਕੁਮਾਰ ਬੰਟੀ ਨੇ ਦੱਸਿਆ ਕਿ ਅੱਜ ਦਾ ਇਹ ਸਮਾਗਮ ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੇ ਸ਼ਹਾਦਤ ਦਿਵਸ ਨੂੰ ਸਮਰਪਿਤ ਕੀਤਾ ਗਿਆ ਹੈ। ਉਹਨਾਂ ਦੱਸਿਆ ਕਿ ਟਰੱਸਟ ਦੇ ਚੇਅਰਮੈਨ ਕੇ.ਐਲ. ਚਾਂਦ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਹੁਣ ਤੱਕ ਪੰਜ ਸੌ ਤੋਂ ਵੱਧ ਵਹੀਲ ਚੇਅਰਾਂ ਤੇ ਟਰਾਈ ਸਾਇਕਲ ਦਿੱਤੇ ਜਾ ਚੁੱਕੇ ਹਨ। ਇਸ ਤੋਂ ਇਲਾਵਾ ਅਨੇਕਾਂ ਲੋੜਵੰਦਾਂ ਦੇ ਬਨਾਵਟੀ ਅੰਗ ਵੀ ਲਗਵਾਏ ਗਏ ਹਨ। ਮੰਦਬੁੱਧੀ ਬੱਚਿਆਂ ਦਾ ਇਲਾਜ ਵੀ ਕਰਵਾਇਆ ਗਿਆ ਹੈ। ਟਰੱਸਟ ਵਲੋਂ ਸਮੂਹ ਸਹਿਯੋਗੀਆਂ ਦੇ ਸਹਿਯੋਗ ਸਦਕਾ ਹੋਰ ਬਹੁਤ ਸਾਰੇ ਸਮਾਜ ਸੇਵੀ ਕਾਰਜਾਂ ਨੂੰ ਸਫਲਤਾ ਪੂਰਵਕ ਨੇਪਰੇ ਚਾੜ੍ਹਿਆ ਗਿਆ ਹੈ। ਹਾਜਰ ਕੌਂਸਲਰਾਂ ਅਤੇ ਪਤਵੰਤਿਆਂ ਨੇ ਟਰੱਸਟ ਵਲੋਂ ਅੰਗਹੀਣਾਂ ਦੀ ਸੇਵਾ ਲਈ ਕੀਤੇ ਜਾ ਰਹੇ ਸਮਾਜ ਭਲਾਈ ਦੇ ਕੰਮਾਂ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਕਿਹਾ ਕਿ ਹਰੇਕ ਸਮਰੱਥ ਵਿਅਕਤੀ ਨੂੰ ਇਹੋ ਜਿਹੇ ਸਮਾਜ ਭਲਾਈ ਦੇ ਕਾਰਜਾਂ ਵਿਚ ਯੋਗਦਾਨ ਪਾਉਣਾ ਚਾਹੀਦਾ ਹੈ। ਉਨਾਂ ਖਾਸ ਤੌਰ ਤੇ ਟਰੱਸਟ ਦੇ ਸੰਸਥਾਪਕ ਕੇ.ਐੱਲ ਚਾਂਦ ਵਲੋਂ ਅਜਿਹੀ ਨੇਕ ਪਹਿਲ ਲਈ ਉਹਨਾਂ ਨੂੰ ਆਪਣੀਆਂ ਸ਼ੁੱਭ ਇੱਛਾਵਾਂ ਦਿੱਤੀਆਂ। ਇਸ ਮੌਕੇ ਸ਼੍ਰੀ ਗੁਰੂ ਰਵਿਦਾਸ ਨੌਜਵਾਨ ਸਭਾ ਸ਼ਿਵ ਪੁਰੀ ਸ਼ਾਮ ਨਗਰ ਦੇ ਪ੍ਰਧਾਨ ਨਰੇਸ਼ ਗੰਗੜ, ਮੀਤ ਪ੍ਰਧਾਨ ਸੁਖਵਿੰਦਰ ਬੱਧਣ, ਅਸ਼ੋਕ ਕੁਮਾਰ ਸੰਧੀ ਅਤੇ ਹੋਰਨਾਂ ਵਲੋਂ ਕੇ.ਐਲ. ਚਾਂਦ ਅਤੇ ਰਾਜਿੰਦਰ ਕੁਮਾਰ ਬੰਟੀ ਨੂੰ ਸਨਮਾਨਤ ਵੀ ਕੀਤਾ ਗਿਆ। ਸਟੇਜ ਦੀ ਸੇਵਾ ਨਿਭਾਉਂਦੇ ਹੋਏ ਗੁਰਨਾਮ ਪਾਲ ਅਕਾਲਗੜ੍ਹ ਨੇ ਸ਼ਹੀਦ ਭਗਤ ਸਿੰਘ ਅਤੇ ਉਹਨਾਂ ਦੇ ਸਾਥੀਆਂ ਦੀ ਸ਼ਹਾਦਤ ਬਾਰੇ ਵੀ ਚਾਨਣਾ ਪਾਇਆ। ਇਸ ਮੌਕੇ ਜਨਤਾ ਸੇਵਾ ਸੰਮਤੀ ਦੇ ਪ੍ਰਧਾਨ ਵਿਪਨ ਖੁਰਾਣਾ, ਸਮਾਜ ਸੇਵਕ ਜਸਵਿੰਦਰ ਢੱਡਾ, ਸੁਖਵਿੰਦਰ ਬੱਬੂ, ਚੰਦਰ ਸ਼ੇਖਰ ਗੋਲਡੀ, ਭੁਪਿੰਦਰ ਕੁਮਾਰ, ਸੂਰਜ ਕੁਮਾਰ, ਰੂਪ ਲਾਲ, ਤਿਲਕ ਰਾਜ, ਡਾ. ਜਗਦੀਸ਼, ਪਰਮਜੀਤ ਮੱਲ, ਗੋਪਾਲ ਕ੍ਰਿਸ਼ਨ ਤੋਂ ਇਲਾਵਾ ਟਰੱਸਟ ਕੈਸ਼ੀਅਰ ਆਸ਼ਾ ਰਾਣੀ, ਜਸਵਿੰਦਰ ਸਿੰਘ ਠੇਕੇਦਾਰ ਅਕਾਲਗੜ੍ਹ, ਸ਼ਿੰਗਾਰਾ ਰਾਮ, ਕੈਲਵਿਨ ਚੁੰਬਰ, ਏ.ਐਸ. ਆਈ. ਸਤਨਾਮ ਸਿੰਘ ਮਾਧੋਪੁਰ, ਇੰਦਰਜੀਤ ਕੌਰ ਸ਼ਿਵਪੁਰੀ, ਚੰਦਨ ਚੱਕ ਮੰਡੇਰ, ਰਘਬੀਰ ਰਿਹਾਣਾ ਜੱਟਾਂ, ਰਿੰਮੀ ਸ਼ਿਵਪੁਰੀ, ਕਮਲ ਸਰੋਏ ਸਮਰਾਵਾਂ ਆਦਿ ਹਾਜਰ ਸਨ।



ਤਸਵੀਰ ਸਮੇਤ।

# ਖਬਰ ਦਾ ਹੋਇਆ ਅਸਰ ਸਰਕਾਰੀ ਬਾਥਰੂਮ ਨੂੰ ਕਰਵਾਇਆ ਗਿਆ ਕਬਜ਼ਾ ਮੁਕਤ




ਲੁਧਿਆਣਾ, ( ਸੁਖਚੈਨ ਮਹਿਰਾ) ਬਹਾਦਰ ਕੇ ਰੋਡ ਸਥਿਤ ਦਾਣਾ ਮੰਡੀ ਵਿਖੇ ਬੀਤੇ ਦਿਨੀ ਇੱਕ ਰੇਤਾ ਬਜਰੀ ਵੇਚਣ ਵਾਲੇ ਇੱਕ ਵਿਅਕਤੀ ਵੱਲੋਂ ਸਰਕਾਰੀ ਬਾਥਰੂਮ ਦੇ ਉੱਪਰ ਨਜਾਇਜ਼ ਕਬਜ਼ਾ ਕੀਤਾ ਹੋਇਆ ਸੀ ਜਿਸ ਦੀ ਰੋਜ਼ਾਨਾ ਲੋਕ ਬਾਣੀ ਵਿੱਚ ਖਬਰ ਪ੍ਰਕਾਸ਼ਿਤ ਹੋਣ ਮਗਰੋ ਮਾਰਕੀਟ ਕਮੇਟੀ ਦੇ ਅਧਿਕਾਰੀਆਂ ਨੇ ਇਸ ਮਾਮਲੇ ਨੂੰ ਗੰਭੀਰਤਾ ਨਾਲ ਦੇਖਦੇ ਤੁਰੰਤ ਮੌਕੇ ਤੇ ਕਾਰਵਾਈ ਕਰ ਦਿੱਤੀ ਗਈ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮਾਰਕੀਟ ਕਮੇਟੀ ਦੇ ਸਕੱਤਰ ਸੁਭਾਸ਼ ਕੁਮਾਰ ਨੇ ਦੱਸਿਆ ਕਿ ਕਮੇਟੀ ਦੇ ਕਰਮਚਾਰੀਆਂ ਦੀ ਟੀਮ ਅਤੇ ਪੁਲਿਸ ਪ੍ਰਸਾਸ਼ਨ ਦੀ ਮਦਦ ਨਾਲ਼ ਕਬਜ਼ਾਧਾਰੀ ਵਲੋਂ ਬਾਥਰੂਮ ਦੇ ਅੰਦਰ ਜਿੰਨਾ ਵੀ ਸਮਾਨ ਰੱਖਿਆ ਹੋਇਆ ਸੀ ਉਸ ਸਮਾਨ ਨੂੰ ਬਾਹਰ ਕਢਵਾ ਕੇ ਸਰਕਾਰੀ ਬਾਥਰੂਮ ਨੂੰ ਕਬਜ਼ਾ ਮੁਕਤ ਕਰਵਾਉਣ ਮਗਰੋਂ ਬਾਥਰੂਮ ਨੂੰ ਕਮੇਟੀ ਨੇ ਕਬਜ਼ੇ ਵਿੱਚ ਲੈ ਲਿਆ ਗਿਆ ਅਤੇ ਦੱਸਿਆ ਜਾ ਰਿਹਾ ਹੈ ਕਿ ਕਬਜ਼ਾ ਕਰਨ ਵਾਲਾ ਵਿਅਕਤੀ ਮੌਕੇ ਤੋਂ ਫਰਾਰ ਹੋ ਗਿਆ ਹੈ ਜਿਸ ਦੀ ਭਾਲ ਕਰ ਅਗਲੇਰੀ ਕਾਰਵਾਈ ਕੀਤੀ ਜਾਏਗੀ।

# ਸੁਖ ਸਾਗਰ ਸੁਸਾਇਟੀ ਵੱਲੋਂ ਨਵੀਂ ਡਿਸਪੈਂਸਰੀ ਦਾ ਉਦਘਾਟਨ ਤੇ ਮੁਫਤ ਮੈਡੀਕਲ ਕੈਂਪ ਲਾਇਆ

ਜਗਰਾਓਂ. (ਸੁਖਚੈਨ ਮਹਿਰਾ) ਸੰਤ ਬਾਬਾ ਕੁੰਦਨ ਜੀ ਅਤੇ ਸੰਤ ਬਾਬਾ ਹਰਭਜਨ ਸਿੰਘ ਨਾਨਕਸਰ ਕਲੇਰਾਂ ਵਾਲਿਆਂ ਦੀ ਪ੍ਰੇਰਣਾ ਸਦਕਾ ਸੁਖਸਾਗਰ ਚੈਰੀਟੇਬਲ ਸੁਸਾਇਟੀ ਜਗਰਾਓਂ ਦੇ ਸਰਪ੍ਰਸਤ ਬਾਬਾ ਈਸ਼ਰ ਸਿੰਘ ਅਤੇ ਮੁੱਖ ਸੇਵਾਦਾਰ ਡਾਕਟਰ ਬਲਵਿੰਦਰ ਸਿੰਘ ਪਲਾਹਾ ਵੱਲੋਂ ਜਗਰਾਉਂ ਸ਼ਹਿਰ ਵਿੱਚ ਗੁਰਦੁਆਰਾ ਦਸਮੇਸ਼ ਨਗਰ ਕੱਚਾ ਮਲਕ ਰੋਡ ਜਗਰਾਉਂ ਵਿਖੇ ਦੂਸਰੀ ਹੋਮਿਓਪੈਥਿਕ ਡਿਸਪੈਂਸਰੀ ਖੋਲੀ ਗਈ ਅਤੇ ਲਾਈਫ ਕੇਅਰ ਫਾਊਂਡੇਸ਼ਨ ਸਹਿਯੋਗ ਦੇ ਨਾਲ ਨਵਾਂ ਬਲੱਡ ਕਲੈਕਸ਼ਨ ਸੈਂਟਰ ਖੋਲਿਆ ਗਿਆ ਹੈ,ਜਿਸ ਵਿੱਚ ਬਹੁਤ ਸਾਰੇ ਖ਼ੂਨ ਦੇ ਟੈਸਟ ਬਹੁਤ ਘੱਟ ਰੇਟ ਵਿੱਚ ਕੀਤੇ ਜਾਣਗੇ। ਇਸ ਨਵੇਂ ਬਲੱਡ ਕਲੈਕਸ਼ਨ ਸੈਂਟਰ ਦਾ ਉਦਘਾਟਨ ਗਿਆਨੀ ਰਣਜੀਤ ਸਿੰਘ, ਜੱਥੇਦਾਰ ਤਰਨਜੀਤ ਸਿੰਘ ਨਿਮਾਣਾ ਮੁੱਖ ਸੇਵਾਦਾਰ ਭਾਈ ਘੱਨ੍ਹਈਆ ਜੀ ਮਿਸ਼ਨ ਸੇਵਾ ਸੁਸਾਇਟੀ (ਰਜਿ) ਅਤੇ ਸਮੂਹ ਗੁਰਦੁਆਰਾ ਕਮੇਟੀ ਨੇ ਕੀਤਾ। ਇਸ ਸ਼ੁੱਭ ਮੌਕੇ ਤੇ ਡਾਕਟਰ ਬਲਵਿੰਦਰ ਸਿੰਘ ਨੇ ਦੱਸਿਆ ਕਿ ਮਨੁੱਖਤਾ ਦੇ ਭਲੇ ਲਈ ਲਾਏ ਗਏ ਮਹਾਨ ਮੈਡੀਕਲ ਕੈਂਪ ਲਾਰਡ ਮਹਾਵੀਰ ਮੈਡੀਕਲ ਕਾਲਜ ਦੇ ਡਾਕਟਰ ਸ਼ਾਇਨੀ ਚਾਲੌਂਤਰ੍ਹਾਂ ਦੀ ਟੀਮ ਦੇ ਸਹਿਯੋਗ ਨਾਲ 250 ਮਰੀਜ਼ਾਂ ਦੀ ਜਾਂਚ ਮੁਫਤ ਕੀਤੀ ਗਈ ਅਤੇ ਮੁਫਤ ਦਵਾਈਆਂ ਵੰਡੀਆਂ ਗਈਆਂ ਅਤੇ ਇੱਕ ਸ਼ੂਗਰ ਟੈਸਟ ਤੇ ਪੰਜ ਗੁਰਦਿਆਂ ਦੇ ਟੈਸਟ ਬਿਲਕੁਲ ਮੁਫਤ ਕੀਤੇ ਗਏ ਤੇ ਆਮ ਲੋਕਾਂ ਨੂੰ ਸਿਹਤਮੰਦ ਜਿੰਦਗੀ ਜੀਣ ਸੰਬੰਧੀ ਚੰਗੀਆਂ ਆਦਤਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ। ਲਾਈਫ ਕੇਅਰ ਫਾਊਂਡੇਸ਼ਨ ਦੇ ਜਰਨਲ ਮੈਨੇਜਰ ਹਰਦੀਪ ਸਿੰਘ ਨੇ ਇਸ ਸੰਬੰਧੀ ਹੋਰ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਇਸ ਸੈਂਟਰ ਵਿੱਚ ਜਿਥੇ ਆਮ ਹੋਣ ਵਾਲੇ ਖ਼ੂਨ ਦੇ ਟੈਸਟ 75 ਫੀਸਦੀ ਘੱਟ ਰੇਟਾਂ ਤੇ ਹੋਣਗੇ,ਉਥੇ ਲਾਈਫ ਕੇਅਰ ਫਾਊਂਡੇਸ਼ਨ ਵਲੋਂ ਸ਼ੁਰੂ ਕੀਤੀ ਗਈ ਪਹਿਲਕਦਮੀ ਦੇ ਤਹਿਤ,ਬਾਕੀ ਸੈਂਟਰਾਂ ਵਾਂਗ ਇਥੇ ਵੀ ਕੈਂਸਰ ਤੇ ਗੁਰਦਿਆਂ ਦੇ ਰੋਗੀਆਂ ਦੀ ਹੋਣ ਵਾਲੀ ਕੀਮੋਥੇਰੇਪੀ ਤੇ ਡਾਇਲਸਿਸ ਤੋਂ ਪਹਿਲਾਂ ਹੋਣ ਵਾਲੇ ਖ਼ੂਨ ਦੇ ਟੈਸਟ ਹੁਣ ਇਸ ਸੈਂਟਰ ਵਿੱਚ ਵੀ ਮੁਫ਼ਤ ਵਿੱਚ ਕੀਤੇ ਜਾਣਗੇ। ਇਸ ਮੌਕੇ ਤੇ ਮਨਜੀਤ ਸਿੰਘ ਤੂਰ, ਰਾਮਿੰਦਰਜੀਤ ਸਿੰਘ ਗਿੱਲ, ਦਰਜਨ ਸਿੰਘ ਮੋਗਾ, ਕੁਲਦੀਪ ਸਿੰਘ, ਹਰਚੰਦ ਸਿੰਘ, ਹਰਨੇਕ ਸਿੰਘ ਸੋਹੀ,ਸਮੂਹ ਸੁੱਖ ਸਾਗਰ ਚੈਰੀਟੇਬਲ ਸੁਸਾਇਟੀ ਦੇ ਸਮੂਹ ਮੈਂਬਰ ਸਾਹਿਬਾਨ ਅਤੇ ਲਾਈਫ ਕੇਅਰ ਫਾਊਂਡੇਸ਼ਨ ਦੀ ਟੀਮ ਦੇ ਜਰਨਲ ਮੈਨੇਜਰ ਹਰਦੀਪ ਸਿੰਘ , ਮਨਿੰਦਰ ਸਿੰਘ,ਸੁਰਿੰਦਰ ਸਿੰਘ,ਗੁਰਦੀਪ ਸਿੰਘ ਵੀ ਹਾਜ਼ਰ ਸਨ।





# ਚਾਰ ਸਾਹਿਬਜ਼ਾਦੇ ਦੀ ਯਾਦ ਵਿੱਚ ਚੌਥਾ ਸਾਲਾਨਾ 22 ਨੂੰ ਨਗਰ ਕੀਰਤਨ ਅਤੇ ਮਹਾਨ ਕੀਰਤਨ ਦਰਬਾਰ ਕਰਵਾਇਆ ਜਾ ਰਿਹਾ ਹੈ



ਲੁਧਿਆਣਾ( ਸੁਖਚੈਨ ਮਹਿਰਾ)ਬਾਬਾ ਗੁਰਦਿੱਤਾ ਜੀ ਸੇਵਾ ਸੁਸਾਇਟੀ ਦੀ ਮਿਟਿੰਗ ਸੁਸਾਇਟੀ ਦੇ ਮੁੱਖ ਸੇਵਾਦਾਰ ਹਨੀ ਸਿੰਘ ਦੀ ਅਗਵਾਈ ਹੇਠ ਹੋਇ,ਮੁੱਖ ਦਫਤਰ ਮੈਂਨ ਰੋਡ ਬਸਤੀ ਜੋਧੇਵਾਲ ਵਿਖੇ ਹੋਇ, ਮੁੱਖ ਸੇਵਾਦਾਰ ਹਨੀ ਸਿੰਘ ਨੇ ਦਸਿਆ ਸਾਹਿਬਜਾਦਿਆਂ ਦੀ ਯਾਦ ਚ ਚੌਥਾ ਮਹਾਨ ਕੀਰਤਨ ਦਰਬਾਰ ਅਤੇ ਨਗਰ ਕੀਰਤਨ ਮਿਤੀ 22 ਮਾਰਚ 2025 ਨੂੰ ਬੜੇ ਹੀ ਸਤਿਕਾਰ ਨਾਲ ਕਰਵਾਇਆ ਜਾ ਰਿਹਾ ਹੈ ਜੋ ਕਿ ਨਗਰ ਆਰੰਭ ਮਿਤੀ 22 ਮਾਰਚ 2025 ਨੂੰ ਦੁਪਹਿਰ 1 ਵਜੇ ਗੁ:ਮਾਤਾ ਭਾਗਵੰਤੀ ਸਿੰਘ ਸਭਾ ਤੋਂ ਆਰੰਭ ਹੋ ਕੇ ਬਾਲ ਸਿੰਘ ਨਗਰ ਰੋਡ ਜਗਦੀਪ ਨਗਰ ਫ਼ਰੀਦ ਤੋਂ ਹੁੰਦਾ ਹੋਇਆਂ ਸ਼ਿਸ਼ੂ ਮਾਡਲ ਸਕੂਲ ਵਾਲੀ ਗਲੀ ਚੋ ਹੋ ਕੇ ਬਸਤੀ ਜੋਧੇਆਲ ਮੈਂਨ ਰੋਡ ਤੇ ਸਮਾਪਤ ਹੋਵੇਗਾ ਜੀ, ਨਗਰ ਤੋਂ ਬਾਦ ਦੀਵਾਨ ਲਗਨ ਗੇ, ਜਿਸ ਚ ਪੰਥ ਦੇ ਮਹਾਨ ਕੀਰਤਨੀ ਜਥੇ ਕਥਾ ਵਾਚਕ ਗੁਰ ਜਸ ਨਾਲ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਮੌਕੇ ਤੇ ਮਜੂਦ ਰਹੇ ਸੇਵਾਦਾਰ ਰਾਜਿੰਦਰ ਸਿੰਘ,ਚਰਨਜੀਤ ਸਿੰਘ ਜਸਵਿੰਦਰ ਸਿੰਘ ਹਰਸ਼ ਸਿੰਘ ਜਸਬੀਰ ਸਿੰਘ ਮਨਜੀਤ ਸਿੰਘ ਲਕੀ ਔਜਲਾ ਵਿਕੀ ਚੜਾ ਹਾਜਰ ਰਹੇ


# ਕਿਸਾਨ ਆਗੂਆਂ ਦੀਆਂ ਜਬਰੀ ਗਿਰ.ਫਤਾਰੀਆਂ ਨੇ ਪੰਜਾਬ ਸਰਕਾਰ ਦਾ ਕਿਸਾਨ ਹਿਤੈਸ਼ੀ ਚੇਹਰਾ ਨੰਗਾ ਕੀਤਾ - ਹਰਪ੍ਰੀਤ ਸਿੰਘ ਮੱਖੂ, ਨਿਰਮਲ ਸਿੰਘ ਬੇਰਕਲਾਂ





ਲੁਧਿਆਣਾ (ਸੁਖਚੈਨ ਮਹਿਰਾ )ਸਰਬਜੀਤ ਸੂਫ਼ੀ ਕਿਸਾਨ ਆਗੂਆਂ ਨੂੰ ਮੀਟਿੰਗ ਉਪਰ ਬੁਲਾਕੇ ਧੋਖੇ ਨਾਲ ਗਿਰਫਤਾਰ ਕਰਕੇ ਸਰਕਾਰ ਬਹੁਤ ਹੀ ਨੀਚ ਹਰਕਤ ਕੀਤੀ ਐ ਸੱਤਾ ਵਿੱਚ ਆਉਣ ਤੋ ਪਹਿਲਾ ਇਹਨਾਂ ਸਿਆਸੀ ਆਗੂਆਂ ਨੂੰ ਕਿਸਾਨੀ ਮੰਗਾਂ ਜਾਇਜ ਲੱਗਦੀਆਂ ਸਨ ਪਰ ਅੱਜ ਵਾਲੀ ਪੰਜਾਬ ਸਰਕਾਰ ਦੀ ਇਸ ਘਟੀਆ ਹਰਕਤ ਨੇ ਸਾਬਿਤ ਕਰ ਦਿੱਤਾ ਕਿ ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਦੋਵੈ ਕਿਸਾਨੀ ਮੰਗਾਂ ਵਾਲੇ ਮਸਲੇ ਤੇ ਇਕੋ ਹੀ ਰਣ ਨੀਤੀ ਉਪਰ ਕੰਮ ਕਰ ਰਹੀਆਂ ਹਨ ਅੱਜ ਵਾਲੀ ਘਟੀਆ ਹਰਕਤ ਸਰਕਾਰ ਨੂੰ ਬਹੁਤ ਹੀ ਮਹਿੰਗੀ ਪਏਗੀ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਰਪ੍ਰੀਤ ਸਿੰਘ ਮਖ਼ੂ ਸੂਬਾ ਪ੍ਰਧਾਨ ਅੰਨਦਾਤਾ ਕਿਸਾਨ ਮਜ਼ਦੂਰ ਯੂਨੀਅਨ, ਸਰਪੰਚ ਨਿਰਮਲ ਸਿੰਘ ਬੇਰਕਲਾਂ ਕੋਮੀ ਜਰਨਲ ਸਕੱਤਰ, ਅਮਰਜੀਤ ਸਿੰਘ ਭੱਟੀ ਕੋਮੀ ਸੀ.ਮੀਤ ਪ੍ਰਧਾਨ ਅਤੇ ਬਲਦੇਵ ਸਿੰਘ ਸੰਧੂ ਕੌਮੀ ਮੀਤ ਪ੍ਰਧਾਨ ਨੇ ਕੀਤਾ।ਕਿਸਾਨ ਆਗੂਆਂ ਨੇ ਕੇਂਦਰ ਸਰਕਾਰ ਦੇ ਇਸ਼ਾਰੇ ਤੇ ਪੰਜਾਬ ਸਰਕਾਰ ਵਲੋਂ ਕਿਸਾਨਾਂ ਨਾਲ ਕੀਤੇ ਗਏ ਧੱਕੇਸ਼ਾਹੀ ਦੀ ਨਿਖੇਧੀ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਨਾਲ ਅੱਜ ਦੀ ਮੀਟਿੰਗ ਬੜੇ ਵਧੀਆ ਤਰੀਕੇ ਨਾਲ਼ ਹੋਈ ਅਤੇ ਅਗਲੀ ਮੀਟਿੰਗ 4ਮਈ ਦੀ ਤੈਅ ਹੋਈ ਸੀ ।ਕੇਂਦਰ ਸਰਕਾਰ ਦੇ ਇਸ਼ਾਰਿਆਂ ਤੇ ਯੋਜਨਾਬੱਧ ਤਰੀਕੇ ਨਾਲ ਵੱਡੇ ਕਿਸਾਨ ਆਗੂਆਂ ਨੂੰ ਜਬਰੀ ਗ੍ਰਿਫਤਾਰ ਕਰ ਲਿਆ ਜਿਸ ਵਿੱਚ ਜਗਜੀਤ ਸਿੰਘ ਡੱਲ਼ੇਵਾਲ,ਸਵਰਨ ਸਿੰਘ ਪੰਧੇਰ,ਮਨਜੀਤ ਸਿੰਘ ਰਾਏ,ਅਭਿਮਨਯੂ ਕੋਹਾੜ,ਕਾਕਾ ਸਿੰਘ ਕੋਟੜਾ ਸਮੇਤ ਆਗੂਆਂ ਨੂੰ ਗ੍ਰਿਫਤਾਰ ਕੀਤਾ ।ਜਿਸ ਤਰੀਕੇ ਨਾਲ਼ ਧੱਕੇ ਨਾਲ ਕਿਸਾਨਾਂ ਕੋਲੋਂ ਬਾਡਰ ਖਾਲ਼ੀ ਕਰਾਏ ਜਾ ਰਹੇ ਹਨ ਇਸ ਵਿੱਚ ਲੋਕਤੰਤਰ ਦਾ ਘਾਣ ਕੀਤਾ। ਸ਼ਾਂਤੀਪੂਰਵਕ ਚਲਦੇ ਕਿਸਾਨ ਅੰਦੋਲਨ ਵਿੱਚ ਕਿਸਾਨਾਂ ਤੇ ਡਾਂਗਾਂ ਵਰਾਈਆਂ ਗਈਆਂ ਜਿਸ ਵਿੱਚ ਕਈ ਕਿਸਾਨ ਜ਼ਖ਼ਮੀ ਵੀ ਹੋਏ ਹਨ। ਓਹਨਾ ਆਖਿਆ ਕਿ ਇਸ ਘਟਨਾਕ੍ਰਮ ਦੀ ਅੰਨਦਾਤਾ ਕਿਸਾਨ ਮਜ਼ਦੂਰ ਯੂਨੀਅਨ ਦੇ ਪੰਜਾਬ ਪ੍ਰਧਾਨ ਹਰਪ੍ਰੀਤ ਸਿੰਘ ਮਖ਼ੂ,ਕੌਮੀ ਜਰਨਲ ਸਕੱਤਰ ਸਰਪੰਚ ਨਿਰਮਲ ਸਿੰਘ ਬੇਰਕਲਾਂ ਕੌਮੀ ਮੀਤ ਪ੍ਰਧਾਨ ਬਲਦੇਵ ਸਿੰਘ ਸੰਧੂ, ਕੌਮੀ ਪ੍ਰਚਾਰ ਸਕੱਤਰ ਸ਼ਮਸ਼ੇਰ ਸਿੰਘ ਲਾਡੋਵਾਲ,ਜੱਥੇਬੰਦਕ ਸਕੱਤਰ ਤਜਿੰਦਰ ਸਿੰਘ ਬਿੱਟਾ,ਪ੍ਰਚਾਰ ਸਕੱਤਰ ਸੁਖਵਿੰਦਰ ਸਿੰਘ ਸੁੱਖਾ,ਹਲਕਾ ਪ੍ਰਧਾਨ ਜੁਝਾਰ ਸਿੰਘ,ਜੱਸਵੰਤ ਸਿੰਘ ਜੱਸਾ,ਐਡਵੋਕੇਟ ਕੁਲਦੀਪ ਸਿੰਘ, ਗੁਰਚਰਨ ਸਿੰਘ ਭੁੱਲਰ ਵੱਲੋਂ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਾ ਹੈ

# ਡਰੱਗ ਕੰਟਰੋਲ ਅਧਿਕਾਰੀ ਬਬਲੀਨ ਕੌਰ ਵੱਲੋਂ 5 ਕੈਮਿਸਟ ਦੁਕਾਨਾਂ ਦੀ ਕੀਤੀ ਗਈ ਚੈਕਿੰਗ



ਫ਼ਗਵਾੜਾ-ਅੰਮ੍ਰਿਤਸਰ (ਸੁਸ਼ੀਲ ਸ਼ਰਮਾ) ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸਾਕਸ਼ੀ ਸਾਹਨੀ ਦੇ ਆਦੇਸ਼ਾਂ ਅਤੇ ਅਸਿਸਟੈਂਟ ਕਮਿਸ਼ਨਰ ਡਰੱਗ ਅਮਿਤ ਦੁਗਲ ਦੇ ਨਿਰਦੇਸ਼ਾਂ ਦੇ ਚੱਲਦਿਆਂ ਸ਼ਹਿਰ ਦੀ ਵੱਖ ਵੱਖ ਕੈਮਿਸਟਾਂ ਦੀਆਂ ਦੁਕਾਨਾਂ ਤੇ ਚੈਕਿੰਗ ਕੀਤੀ ਗਈ। ਜਿਸ ਦੋਰਾਨ ਨਸ਼ੇ ਦੇ ਲਈ ਵਿਕਰੀ ਕੀਤੀਆਂ ਜਾਣ ਵਾਲੀਆਂ ਦਵਾਈਆਂ ਰਿਕਾਰਡ ਦੀ ਮੈਂਟੇਨੈਂਸ ਨੂੰ ਗਹਿਰਾਈ ਦੇ ਨਾਲ ਚੈੱਕ ਕੀਤਾ ਗਿਆ। ਡਰੱਗ ਕੰਟਰੋਲਰ ਅਧਿਕਾਰੀ ਅੰਮ੍ਰਿਤਸਰ ਟੂ ਬਬਲੀਨ ਕੌਰ ਦੀ ਦੇਖਰੇਖ ਵਿੱਚ ਕੀਤੀ ਕਿ ਚੈਕਿੰਗ ਦੇ ਦੌਰਾਨ ਕੀਤੀ ਗਈ ਚੈਕਿੰਗ ਦੇ ਦੌਰਾਨ ਦੁਕਾਨ ਦੁਕਾਨਾਂ ਵਿੱਚ ਪਈਆਂ ਦਵਾਈਆਂ ਅਤੇ ਰਿਕਾਰਡ ਦਾ ਕੰਮ ਸੰਤੋਸ਼ਜਨਕ ਮਿਲਿਆ। ਕਾਰਵਾਈ ਦੇ ਦੌਰਾਨ ਸੁਲਤਾਨਵਿੰਡ ਰੋਡ ਸਥਿਤ ਸ੍ਰੀ ਹਰਗੋਬਿੰਦ ਮੈਡੀਕਲ ਸਟੋਰ, ਵਰਿੰਦਰ ਮੈਡੀਕਲ ਸਟੋਰ,ਚਾਟੀਵਿੰਡ ਰੋਡ ਤੇ ਬਾਬਾ ਦੀਪ ਸਿੰਘ ਮੈਡੀਕਲ ਸਟੋਰ,ਭਾਈ ਮੰਝ ਸਿੰਘ ਰੋਡ ਸਥਿਤ ਗਗਨ ਮੈਡੀਕਲ ਸਟੋਰ ਅਤੇ ਗੁਰੂ ਰਾਮਦਾਸ ਮੈਡੀਕਲ ਸਟੋਰ ਆਦਿ ਦੇ ਕੰਮਕਾਜ ਦਵਾਈਆਂ ਅਤੇ ਰਿਕਾਰਡ ਨੂੰ ਚੈੱਕ ਕੀਤਾ ਗਿਆ। ਇਸ ਮੌਕੇ ਤੇ ਵਿਭਾਗ ਦੇ ਕਰਮਚਾਰੀ ਚੇਤਨ ਸੌਧੀ ਦੀ ਵੀ ਮੌਜੂਦ ਸਨ।

# ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਵਿੱਚ ਸਾਥ ਦੇਣ ਲਈ ਜ਼ਿਲ੍ਹਾ ਪ੍ਰਸਾਸ਼ਨ ਨੇ ਕੈਮਿਸਟ ਐਸੋਸੀਏਸ਼ਨਾਂ ਨਾਲ ਕੀਤੀ ਬੈਠਕ




ਫ਼ਗਵਾੜਾ-ਅੰਮ੍ਰਿਤਸਰ (ਸੁਸ਼ੀਲ ਸ਼ਰਮਾ) ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸਾਕਸ਼ੀ ਸ਼ਾਹਨੀ ਵੱਲੋਂ ਜਾਰੀ ਕੀਤੇ ਗਏ ਆਦੇਸ਼ਾਂ ਦੀ ਪਾਲਣਾ ਕਰਦੇ ਹੋਏ ਉਪ ਮੰਡਲ ਮਜਿਸਟਰੇਟ ਵਨ ਅਤੇ ਉਪ ਮੰਡਲ ਮਜਿਸਟਰੇਟ ਟੂ ਦੀ ਦੇਖਰੇਖ ਦੇ ਵਿੱਚ ਨਸ਼ੇ ਦੀ ਵਰਤੋਂ ਵਿੱਚ ਆਉਣ ਵਾਲੀਆਂ ਦਵਾਈਆਂ ਦੀ ਵਿਕਰੀ ਅਤੇ ਖਰੀਦ ਨੂੰ ਲੈ ਕੇ ਕੈਮਿਸਟਾਂ ਦੇ ਨਾਲ ਵਿਸ਼ੇਸ਼ ਤੌਰ ਤੇ ਬੈਠਕ ਕੀਤੀ ਗਈ। ਬੈਠਕ ਦੌਰਾਨ ਜਿਲ੍ਹੇ ਦੇ ਡਰੱਗ ਇੰਸਪੈਕਟਰ ਸੀਨੀਅਰ ਮੈਡੀਕਲ ਅਫਸਰ ਅਤੇ ਕੈਮਿਸਟ ਐਸੋਸੀਏਸ਼ਨ ਦੇ ਕਈ ਨੁਮਾਇੰਦੇ ਵੀ ਹਾਜ਼ਰ ਹੋਏ। ਬੈਠਕ ਦੀ ਪ੍ਰਧਾਨਗੀ ਕਰ ਰਹੇ ਉਪ ਮੰਡਲ ਮਜਿਸਟਰੇਟ ਵੱਲੋਂ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਯੁੱਧ ਨਸ਼ਿਆ ਵਿਰੁੱਧ ਦੇ ਤਹਿਤ ਕੈਮਿਸਟ ਐਸੋਸੀਏਸ਼ਨਾਂ ਦੇ ਮੈਂਬਰਾਂ ਨੂੰ ਹਦਾਇਤਾਂ ਸਬੰਧੀ ਜਾਣੂ ਕਰਵਾਇਆ ਗਿਆ। ਇਸ ਮੌਕੇ ਤੇ ਕੈਮਿਸਟਾਂ ਨੂੰ ਅਪੀਲ ਕਰਦੇ ਹੋਏ ਕਿਹਾ ਗਿਆ ਕਿ ਸਰਕਾਰ ਦੀਆਂ ਹਦਾਇਤਾਂ ਮੁਤਾਬਕ ਦਵਾਈਆਂ ਦੀ ਵਿਕਰੀ ਅਤੇ ਖਰੀਦ ਡਾਕਟਰ ਦੀ ਪਰਚੀ ਤੋਂ ਬਿਨਾਂ ਨਾ ਕੀਤੀ ਜਾਵੇ ਅਤੇ ਨਾਲ ਹੀ ਦਵਾਈਆਂ ਦਾ ਪੂਰਾ ਰਿਕਾਰਡ ਰੱਖਣ ਲਈ ਵੀ ਕਿਹਾ ਗਿਆ। ਕੈਮਿਸਟ ਐਸੋਸੀਏਸ਼ਨਾਂ ਨੂੰ ਇਹ ਵੀ ਕਿਹਾ ਗਿਆ ਕਿ ਨਸ਼ੇ ਦੀ ਵਰਤੋਂ ਵਿੱਚ ਆਉਣ ਵਾਲੀਆਂ ਦਵਾਈਆਂ ਡੈਸਟਰੋ ਪ੍ਰੋਕਸੀਫਾਈਨ,ਡਿਪਹੈਨੋਕਸੀਲੇਟ,ਕੋਡਾਈਨ,ਪੈਂਟਾਜੋਸੀਨ, ਬੁਪਰੇਨੋਰਫਾਈਨ ,ਨੀਟਰਾਜੀਪੇਮ,ਟਰਮੋਡੋਲ,ਟਪੈਂਟਾਡੋਲ ਉੱਪਰ ਪੰਜਾਬ ਸਰਕਾਰ ਵੱਲੋਂ ਪਾਬੰਦੀ ਲਗਾਈ ਗਈ ਹੈ। ਇਨਾਂ ਦਵਾਈਆਂ ਨੂੰ ਵਿਭਾਗ ਦੀ ਮਨਜ਼ੂਰੀ ਤੋਂ ਬਗੈਰ ਰੱਖਣਾ ਅਤੇ ਵੇਚਣਾ ਕਾਨੂੰਨੀ ਜੁਰਮ ਹੈ। ਕੈਮਿਸਟਾਂ ਨੂੰ ਡਿਪਟੀ ਕਮਿਸ਼ਨਰ ਦੇ ਆਦੇਸ਼ਾਂ ਦੀ ਪਾਲਨਾ ਕਰਦੇ ਹੋਏ ਪ੍ਰੇਗਾਬਾਲਿਨ 75 ਐਮ.ਜੀ ਤੋਂ ਵੱਧ ਦੀ ਮਿਕਦਾਰ ਦੀਆਂ ਦਵਾਈਆਂ ਨਾ ਰੱਖਣ ਅਤੇ ਵੇਚਣ ਦੀ ਤਾਕੀਦ ਵੀ ਕੀਤੀ ਗਈ। ਇਸ ਮੌਕੇ ਤੇ ਜ਼ਿਲ੍ਹਾ ਕੈਮਿਸਟ ਐਸੋਸੀਏਸ਼ਨ ਅੰਮ੍ਰਿਤਸਰ,ਅੰਮ੍ਰਿਤਸਰ ਕੈਮਿਸਟ ਐਸੋਸੀਏਸ਼ਨ, ਅੰਮ੍ਰਿਤਸਰ ਰਿਟੇਲ ਸੇਲ ਐਸੋਸੀਏਸ਼ਨ ਦੇ ਪ੍ਰਧਾਨ ਅਤੇ ਹੋਰ ਨੁਮਾਇੰਦਿਆਂ ਵੱਲੋਂ ਵਿਸ਼ਵਾਸ ਦਿਵਾਇਆ ਗਿਆ ਕਿ ਉਹ ਕਿਸੇ ਵੀ ਨਸ਼ਾ ਵੇਚਣ ਵਾਲੇ ਕੈਮਿਸਟ ਦਾ ਸਾਥ ਨਹੀਂ ਦੇਣਗੇ। ਉਹ ਪ੍ਰਸ਼ਾਸਨ ਨਾਲ ਮਿਲ ਕੇ ਸਰਕਾਰ ਵੱਲੋਂ ਜਾਰੀ ਕੀਤੀ ਕਿ ਮਹੀਨ ਵਿੱਚ ਮੋਢੇ ਨਾਲ ਮੋਢਾ ਜੋੜ ਕੇ ਸਰਕਾਰ ਦਾ ਸਾਥ ਦੇਣਗੇ ਬੈਠਕ ਦੇ ਦੌਰਨ ਵਿਸ਼ਾਲ ਦੇਵਗਨ,ਰਾਜ ਕੁਮਾਰ,ਰਜੇਸ਼ ਸੇਠੀ,ਰਜੀਵ ਕਪੂਰ,ਸੰਜੀਵ ਭਾਟੀਆ,ਸੰਜੀਵ ਜੈਨ ਆਦਿ ਵੀ ਮੌਜੂਦ ਸਨ।

# ਡੈਂਟਲ ਵਿਭਾਗ ਕਪੂਰਥਲਾ ਸਟੇਟ ਅਵਾਰਡ ਨਾਲ ਸਨਮਾਨਿਤ



ਫ਼ਗਵਾੜਾ-ਕਪੂਰਥਲਾ (ਸੁਸ਼ੀਲ ਸ਼ਰਮਾ) ਸਿਵਲ ਹਸਪਤਾਲ ਕਪੂਰਥਲਾ ਦੇ ਡੈਂਟਲ ਵਿਭਾਗ ਵਿਖੇ ਤੈਨਾਤ ਡਾ.ਗੁਰਦੇਵ ਸਿੰਘ ਭੱਟੀ ਨੂੰ ਵਿਭਾਗ ਵਿਖੇ ਵਧੀਆ ਕਾਰਗੁਜ਼ਾਰੀ ਲਈ ਸਟੇਟ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਇਹ ਸਨਮਾਨ ਉਹਨਾਂ ਨੂੰ ਵਿਭਾਗ ਵਿਚ ਦੰਦਾਂ ਨੂੰ ਦੀਆਂ ਬਿਮਾਰੀਆਂ ਤੋਂ ਬਚਾਅ ਲਈ ਵੱਧ ਤੋਂ ਵੱਧ ਜਾਗਰੂਕਤਾ ਕਰਨ ਅਤੇ ਵਧੀਆ ਆਈ.ਈ.ਸੀ ਡਿਸਪਲੇਅ ਕਰਨ ਹਿਤ ਦਿੱਤਾ ਗਿਆ। ਜ਼ਿਕਰਯੋਗ ਹੈ ਕਿ ਇਹ ਸਨਮਾਨ ਉਹਨਾਂ ਨੂੰ ਵਿਸ਼ਵ ਓਰਲ ਹੈਲਥ ਡੇ ਮੌਕੇ ਮੋਹਾਲੀ ਵਿਖੇ ਆਯੋਜਿਤ ਰਾਜ ਪੱਧਰੀ ਸਮਾਰੋਹ ਦੌਰਾਨ ਨੂੰ ਵਧੀਆ ਕਾਰਗੁਜ਼ਾਰੀ ਲਈ ਸਟੇਟ ਐਵਾਰਡ ਨਾਲ ਸਨਮਾਨਤ ਕੀਤਾ ਗਿਆ। ਇਹ ਐਵਾਰਡ ਉਹਨਾਂ ਨੂੰ ਪ੍ਰਿੰਸੀਪਲ ਸਕੱਤਰ ਹੈਲਥ ਰਾਹੁਲ ਕੁਮਾਰ, ਐਮ.ਡੀ.ਪੀ.ਐ.ਐਸ.ਸੀ. ਡਾ.ਅਨਿਲ ਅਤੇ ਹੋਰ ਉੱਚ ਅਧਿਕਾਰੀਆਂ ਵੱਲੋਂ ਭੇਟ ਕੀਤਾ ਗਿਆ। ਡਾ.ਭੱਟੀ ਵੱਲੋਂ ਇਸ ਸਫਲਤਾ ਦਾ ਸਿਹਰਾ ਸਿਵਲ ਸਰਜਨ ਕਪੂਰਥਲਾ ਡਾ.ਰਿਚਾ ਭਾਟੀਆ,ਡੀ.ਡੀ.ਐਚ.ਓ.ਡਾ.ਕਪਿਲ ਡੋਗਰਾ ਦੀ ਕੁਸ਼ਲ ਰਹਿਨੁਮਾਈ ਅਤੇ ਉਹਨਾਂ ਦੀ ਹੌਸਲਾਅਫਜ਼ਾਈ ਨੂੰ ਦਿੱਤਾ ਹੈ। ਏਥੇ ਇਹ ਵੀ ਦੱਸਣਯੋਗ ਹੈ ਕਿ ਡੈਂਟਲ ਵਿਭਾਗ ਲੋਕਾਂ ਨੂੰ ਵਧੀਆ ਸਿਹਤ ਸਹੂਲਤਾਂ ਤਾਂ ਮੁਹਈਆ ਕਰਵਾ ਹੀ ਰਿਹਾ ਹੈ ਨਾਲ ਹੀ ਜਾਗਰੂਕਤਾ ਕਰਨ ਵਿਚ ਵੀ ਇਹ ਪੰਜਾਬ ਦੇ ਮੋਹਰੀ ਜਿਲ੍ਹਿਆਂ ਵਿਚੋਂ ਇਕ ਹੈ। ਸਿਵਲ ਸਰਜਨ ਕਪੂਰਥਲਾ ਡਾ.ਰਿਚਾ ਭਾਟੀਆ ਨੇ ਵਿਭਾਗ ਦੀ ਇਸ ਉਪਲਬਧੀ ਤੇ ਸਭਨਾਂ ਨੂੰ ਵਧਾਈ ਦਿੱਤੀ ਹੈ ਤੇ ਭਵਿੱਖ ਵਿਚ ਵੀ ਵਧੀਆ ਕੰਮ ਕਰਨ ਲਈ ਪ੍ਰੇਰਿਆ ਹੈ। ਇਸ ਮੌਕੇ ਡਾਇਰੈਕਟਰ ਈ.ਐਸ.ਆਈ,ਪ੍ਰਿੰਸੀਪਲ ਡਾ.ਬੀ.ਆਰ.ਅੰਬੇਡਕਰ (ਏਮਜ਼) ਮੋਹਾਲੀ,ਸਟੇਟ ਨੋਡਲ ਅਫਸਰ ਐਨ.ਓ.ਐਚ.ਪੀ.ਵੀ.ਹਾਜ਼ਿਰ ਸਨ।

# ਸੰਯੁਕਤ ਕਿਸਾਨ ਮੋਰਚੇ ਵੱਲੋਂ 26 ਮਾਰਚ ਨੂੰ ਚੰਡੀਗੜ੍ਹ ਵਿਖੇ ਕੀਤੀ ਜਾ ਰਹੀ ਰੈਲੀ ਦੀ ਹਮਾਇਤ

ਫ਼ਗਵਾੜਾ-ਜਲੰਧਰ, (ਸੁਸ਼ੀਲ ਸ਼ਰਮਾ) ਸੰਯੁਕਤ ਕਿਸਾਨ ਮੋਰਚੇ ਵੱਲੋਂ ਬੱਜਟ ਸ਼ੈਸ਼ਨ ਦੌਰਾਨ 26 ਮਾਰਚ ਨੂੰ ਚੰਡੀਗੜ੍ਹ ਵਿਖੇ ਕਿਸਾਨਾਂ ਦੀ ਮਹਾਂ ਰੈਲੀ ਕਰਨ ਦੇ ਫੈਸਲੇ ਦੇ ਮੱਦੇਨਜ਼ਰ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ ਆਪਣੀ ਸੂਬਾਈ ਮੀਟਿੰਗ ਕੀਤੀ ਗਈ ਜਿਸ ਵਿੱਚ ਸੁਰਿੰਦਰ ਰਾਮ ਕੁੱਸਾ,ਸਤੀਸ਼ ਰਾਣਾ,ਜਰਮਨਜੀਤ ਸਿੰਘ,ਸੁਰਿੰਦਰ ਪੁਆਰੀ, ਸਵਿੰਦਰਪਾਲ ਸਿੰਘ ਮੋਲੋਵਾਲੀ,ਰਤਨ ਸਿੰਘ ਮਜਾਰੀ, ਗਗਨਦੀਪ ਸਿੰਘ ਭੁੱਲਰ,ਗੁਰਪ੍ਰੀਤ ਸਿੰਘ ਗੰਡੀਵਿੰਡ,ਬਾਜ ਸਿੰਘ ਖਹਿਰਾ,ਸੁਖਦੇਵ ਸਿੰਘ ਸੈਣੀ,ਕਰਮ ਸਿੰਘ ਧਨੋਆ,ਅਮਰੀਕ ਸਿੰਘ ਸੰਧੂ,ਜਸਵੀਰ ਤਲਵਾੜਾ,ਬੋਬਿੰਦਰ ਸਿੰਘ ਅਤੇ ਦਿਗਵਿਜੇ ਪਾਲ ਸ਼ਰਮਾਂ ਨੇ ਆਖਿਆ ਕਿ ਸਾਂਝਾ ਫਰੰਟ ਵੱਲੋਂ ਪੰਜਾਬ ਸਰਕਾਰ ਦੇ ਬਜਟ ਸੈਸ਼ਨ ਦੌਰਾਨ 24 ਮਾਰਚ ਤੋਂ 26 ਮਾਰਚ ਤੱਕ ਮੋਹਾਲੀ ਵਿਖੇ ਤਿੰਨ ਰੈਲੀਆਂ ਕਰਨ ਉਪਰੰਤ ਵਿਧਾਨ ਸਭਾ ਵੱਲ ਮਾਰਚ ਕਰਨ ਦਾ ਪ੍ਰੋਗਰਾਮ ਉਲੀਕਿਆ ਗਿਆ ਸੀ, ਜਿਸ ਦੀਆਂ ਪੰਜਾਬ ਭਰ ਵਿੱਚ ਤਿਆਰੀਆਂ ਚੱਲ ਰਹੀਆਂ ਸਨ। ਹੁਣ ਜਦੋਂ ਸੰਯੁਕਤ ਕਿਸਾਨ ਮੋਰਚੇ ਨੇ ਵੀ 26 ਮਾਰਚ ਨੂੰ ਚੰਡੀਗੜ੍ਹ ਵਿਖੇ ਰੈਲੀ ਅਤੇ ਵਿਧਾਨ ਸਭਾ ਵੱਲ ਮਾਰਚ ਕਰਨ ਦਾ ਫੈਸਲਾ ਕਰ ਲਿਆ ਹੈ ਤਾਂ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ 26 ਮਾਰਚ ਨੂੰ ਕੀਤੀ ਜਾ ਰਹੀ ਰੈਲੀ ਅਤੇ ਮਾਰਚ ਵਿੱਚ ਤਬਦੀਲੀ ਕੀਤੀ ਗਈ ਹੈ। ਉਕਤ ਆਗੂਆਂ ਨੇ ਕਿਹਾ ਕਿ ਹੁਣ ਮੋਹਾਲੀ ਵਿਖੇ 24 ਅਤੇ 25 ਮਾਰਚ ਨੂੰ ਦੋ ਦਿਨ ਰੈਲੀਆਂ ਕਰਕੇ ਵਿਧਾਨ ਸਭਾ ਵੱਲ ਮਾਰਚ ਕੀਤਾ ਜਾਵੇਗਾ ਅਤੇ 26 ਮਾਰਚ ਨੂੰ ਕਿਸਾਨਾਂ ਦੀ ਰੈਲੀ ਦੀ ਹਮਾਇਤ ਕੀਤੀ ਜਾਵੇਗੀ। ਸਾਂਝੇ ਫਰੰਟ ਵੱਲੋਂ ਫੈਸਲਾ ਕੀਤਾ ਗਿਆ ਕਿ 24 ਮਾਰਚ ਨੂੰ ਸਮੂਹ ਪੈਨਸ਼ਨਰਜ਼ ਅਤੇ 25 ਮਾਰਚ ਨੂੰ ਸਰਕਾਰੀ ਵਿਭਾਗਾਂ ਦੇ ਸਮੂਹ ਮੁਲਾਜ਼ਮਾਂ ਸਮੇਤ ਪਾਵਰਕਾਮ ਦੇ ਮੁਲਾਜ਼ਮਾਂ ਵੱਲੋਂ ਸ਼ਮੂਲੀਅਤ ਕੀਤੀ ਜਾਵੇਗੀ। ਸਾਂਝੇ ਫਰੰਟ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਅਜੇ ਛੇਵੇਂ ਤਨਖਾਹ ਕਮਿਸ਼ਨ ਦੀਆਂ ਸਿਫਾਰਸ਼ਾਂ ਨੂੰ ਵੀ ਲਾਗੂ ਨਹੀਂ ਕੀਤਾ ਗਿਆ ਅਤੇ ਛੇਵੇਂ ਤਨਖਾਹ ਕਮਿਸ਼ਨ ਦਾ ਰਹਿਦਾ ਦੂਜਾ ਭਾਗ ਠੰਡੇ ਬਸਤੇ ਵਿੱਚ ਪਾਇਆ ਹੋਇਆ ਹੈ ਜਦਕਿ ਕੇਂਦਰ ਸਰਕਾਰ ਵੱਲੋਂ ਅੱਠਵੇਂ ਤਨਖਾਹ ਕਮਿਸ਼ਨ ਦੀ ਸਥਾਪਨਾ ਕਰ ਦਿੱਤੀ ਗਈ ਹੈ। ਆਗੂਆਂ ਨੇ ਆਖਿਆ ਕਿ ਪੰਜਾਬ ਸਰਕਾਰ ਵੱਲੋਂ ਤਨਖਾਹ ਕਮਿਸ਼ਨ ਦੀ ਸਿਫਾਰਸ਼ ਦੇ ਬਾਵਜੂਦ ਪੈਨਸ਼ਨਰਾਂ ਦੀ ਪੈਨਸ਼ਨ ਦੁਹਰਾਈ 2.59 ਗੁਣਾਂਕ ਨਾਲ ਨਹੀਂ ਕੀਤੀ ਜਾ ਰਹੀ, ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ ਸਬੰਧੀ ਬਣਾਈ ਗਈ ਨੀਤੀ ਅੱਜ ਤੱਕ ਦੀਆਂ ਸਾਰੀਆਂ ਨੀਤੀਆਂ ਨਾਲੋਂ ਘਟੀਆ ਹੈ ਜਿਹੜੀ ਸਿਰਫ ਤੇ ਸਿਰਫ 58 ਸਾਲ ਤੱਕ ਸੇਵਾ ਕਰਨ ਦੀ ਹੀ ਗਰੰਟੀ ਦਿੰਦੀ ਹੈ ਅਤੇ ਹੋਰ ਕੋਈ ਵੀ ਪੱਕੇ ਮੁਲਾਜ਼ਮਾਂ ਵਾਲਾ ਲਾਭ ਨਹੀਂ ਦਿੰਦੀ, ਪੁਰਾਣੀ ਪੈਨਸ਼ਨ ਬਹਾਲ ਕਰਨ ਦੇ ਆਪਣੇ ਵਾਅਦੇ ਤੋਂ ਭੱਜ ਕੇ ਹੁਣ ਇਸਨੂੰ ਕੇਂਦਰ ਸਰਕਾਰ ਨਾਲ ਨੂੜਿਆ ਜਾ ਰਿਹਾ ਹੈ, ਮਿਡ-ਡੇ-ਮੀਲ ਵਰਕਰਾਂ, ਆਸ਼ਾ ਵਰਕਰਾਂ ਤੇ ਫੈਸਿਲੀਟੇਟਰਾਂ ਅਤੇ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੇ ਮਾਣ ਭੱਤੇ ਦੁਗਣੇ ਕਰਨ ਦੇ ਆਪਣੇ ਵਾਅਦੇ ਤੋਂ ਸਰਕਾਰ ਭੱਜ ਚੁੱਕੀ ਹੈ ਅਤੇ ਨਿਗੂਣੀਆਂ ਤਨਖਾਹਾਂ ਤੇ ਕੰਮ ਕਰ ਰਹੇ ਆਊਟਸੋਰਸ, ਇਨਲਿਸਟਮੈਂਟ ਅਤੇ ਕੇਂਦਰੀ ਸਕੀਮਾਂ ਤਹਿਤ ਕੰਮ ਕਰ ਰਹੇ ਮੁਲਾਜ਼ਮਾਂ ਨੂੰ ਪੱਕਾ ਨਹੀਂ ਕੀਤਾ ਜਾ ਰਿਹਾ, ਤਨਖਾਹ ਕਮਿਸ਼ਨ ਦੇ 5 ਸਾਲ 6 ਮਹੀਨੇ ਦੇ ਬਕਾਏ ਯਕਮੁਸ਼ਤ ਅਦਾ ਕਰਨ ਦੀ ਬਜਾਏ 42 ਅਤੇ 36 ਮਹੀਨਿਆਂ ਵਿੱਚ ਦੇਣ ਦੀ ਖੋਖਲੀ ਨੀਤੀ ਅਪਣਾਈ ਜਾ ਰਹੀ ਹੈ, ਕੇਂਦਰ ਨਾਲੋਂ 11 ਪ੍ਰਤੀਸ਼ਤ ਮਹਿਗਾਈ ਭੱਤਾ ਘੱਟ ਦੇ ਕੇ ਇਸ ਨੂੰ ਡੀ-ਲਿੰਕ ਕੀਤਾ ਜਾ ਰਿਹਾ ਹੈ ਅਤੇ ਦੂਜੇ ਪਾਸੇ ਆਈ. ਏ. ਐਸ. ਅਫਸਰਾਂ ਨੂੰ ਸਭ ਕੁਝ ਦਿੱਤਾ ਜਾ ਰਿਹਾ ਹੈ, ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਮਹਿਗਾਈ ਭੱਤੇ ਦੀਆਂ ਕਿਸ਼ਤਾਂ ਦੇ ਬਕਾਏ ਦੱਬੇ ਹੋਏ ਹਨ, 01.01.2016 ਨੂੰ ਤਨਖਾਹ ਤੇ ਪੈਨਸ਼ਨ ਫਿਕਸ ਕਰਨ ਸਮੇਂ ਬਣਦੇ 125% ਮਹਿਗਾਈ ਭੱਤੇ ਨੂੰ ਆਧਾਰ ਨਹੀਂ ਮੰਨਿਆ ਜਾ ਰਿਹਾ, ਮੁਲਾਜ਼ਮਾਂ ਨੂੰ ਮਿਲ ਰਹੇ ਪੇਂਡੂ ਭੱਤੇ ਸਮੇਤ ਸਮੁੱਚੇ ਭੱਤੇ ਸੋਧਣ ਦੇ ਨਾਂ ਤੇ ਬੰਦ ਕਰਕੇ ਰੱਖੇ ਹੋਏ ਹਨ, ਪ੍ਰੋਬੇਸ਼ਨ ਪੀਰੀਅਡ ਦੇ ਨਾਂ ਤੇ ਮੁਢਲੀ ਤਨਖਾਹ ਦੇ ਕੇ ਤਿੰਨ ਸਾਲ ਤੱਕ ਮੁਲਾਜ਼ਮਾਂ ਦਾ ਸ਼ੋਸ਼ਣ ਕੀਤਾ ਜਾਂਦਾ ਹੈ, 17 ਜੁਲਾਈ 2020 ਤੋਂ ਬਾਅਦ ਭਰਤੀ ਹੋਏ ਮੁਲਾਜ਼ਮਾਂ ਤੇ ਜਬਰਦਸਤੀ ਕੇਂਦਰੀ ਤਨਖਾਹ ਸਕੇਲ ਥੋਪ ਦਿੱਤੇ ਗਏ ਹਨ ਅਤੇ ਵਿਕਾਸ ਦੇ ਨਾਂ ਤੇ 200 ਰੁਪਏ ਜਜੀਆ ਪਹਿਲਾਂ ਮੁਲਾਜ਼ਮਾਂ ਅਤੇ ਹੁਣ ਪੈਨਸ਼ਨਰਾਂ ਤੋਂ ਵੀ ਵਸੂਲਿਆ ਜਾ ਰਿਹਾ ਹੈ।



# ਅਵਿਨਾਸ਼ ਰਾਏ ਖੰਨਾ ਨੇ ਪੰਜਾਬ ਪੁਲਿਸ ਵੱਲੋਂ ਫੌਜ ਦੇ ਕਰਨਲ ਤੇ ਕੀਤੇ ਗਏ ਹਮਲੇ ਦੀ ਕੀਤੀ ਸਖ਼ਤ ਆਲੋਚਨਾ।



ਫ਼ਗਵਾੜਾ-ਚੰਡੀਗੜ੍ਹ (ਸੁਸ਼ੀਲ ਸ਼ਰਮਾ) ਭਾਜਪਾ ਦੇ ਸਾਬਕਾ ਸੰਸਦ ਮੈਂਬਰ ਅਤੇ ਸਾਬਕਾ ਸੂਬਾ ਪ੍ਰਧਾਨ ਅਵਿਨਾਸ਼ ਰਾਏ ਖੰਨਾ ਨੇ ਪੰਜਾਬ ਪੁਲਿਸ ਵੱਲੋਂ ਸੇਵਾਮੁਕਤ ਭਾਰਤੀ ਫੌਜ ਦੇ ਕਰਨਲ ਪੁਸ਼ਪਿੰਦਰ ਸਿੰਘ ਤੇ ਹਮਲੇ ਦੀ ਘਟਨਾ ਦੀ ਸਖ਼ਤ ਨਿੰਦਾ ਕਰਦਿਆਂ ਕਿਹਾ ਕਿ ਜਿੱਥੇ ਇਹ ਘਟਨਾ ਮਨੁੱਖੀ ਅਧਿਕਾਰਾਂ ਦੀ ਘੋਰ ਉਲੰਘਣਾ ਹੈ, ਉੱਥੇ ਹੀ ਪੁਲਿਸ ਵੱਲੋਂ ਦਬਾਅ ਹੇਠ ਢਾਬਾ ਮਾਲਕ ਤੋਂ ਲਏ ਗਏ ਝੂਠੇ ਬਿਆਨਾਂ ਦੇ ਆਧਾਰ ਤੇ ਦਰਜ ਕੀਤੇ ਗਏ ਮਾਮਲੇ ਦਾ ਵੀ ਡਾਕਟਰੀ ਜਾਂਚ ਤੋਂ ਬਾਅਦ ਪਰਦਾਫਾਸ਼ ਹੋ ਗਿਆ ਹੈ। ਜਦੋਂ ਕਿ ਪੁਲਿਸ ਨੇ ਕਰਨਲ ਅਤੇ ਉਸਦੇ ਪਰਿਵਾਰਕ ਮੈਂਬਰਾਂ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਤੇ ਅਜੇ ਤੱਕ ਕੋਈ ਕਾਰਵਾਈ ਨਹੀਂ ਕੀਤੀ।

ਅਵਿਨਾਸ਼ ਰਾਏ ਖੰਨਾ ਨੇ ਕਿਹਾ ਕਿ ਹਾਲਾਂਕਿ, ਕਰਨਲ ਵਿਰੁੱਧ ਦਰਜ ਇਸ ਝੂਠੇ ਮਾਮਲੇ ਵਿੱਚ ਆਪਣੀ ਸਾਖ ਬਚਾਉਣ ਲਈ, ਪੁਲਿਸ ਨੇ ਜਲਦਬਾਜ਼ੀ ਵਿੱਚ 12 ਪੁਲਿਸ ਮੁਲਾਜ਼ਮਾਂ ਨੂੰ ਸਸਪੈਂਡ ਕਰ ਦਿੱਤਾ ਹੈ ਅਤੇ ਕਾਨੂੰਨ ਅਤੇ ਜਨਤਾ ਨੂੰ ਫਿਲਹਾਲ ਮੂਰਖ ਬਣਾਉਣ ਦੀ ਕੋਸ਼ਿਸ਼ ਕੀਤੀ ਹੈ। ਖੰਨਾ ਨੇ ਸਵਾਲ ਕੀਤਾ ਕਿ ਜੇਕਰ ਪੁਲਿਸ ਨੇ ਕਰਨਲ ਨੂੰ ਕੁੱਟਿਆ ਅਤੇ ਮਾਮਲਾ ਦਰਜ ਕੀਤਾ, ਤਾਂ ਕੀ ਇਹ ਸਹੀ ਸੀ ਅਤੇ ਜੇਕਰ ਇਹ ਸਹੀ ਨਹੀਂ ਸੀ, ਤਾਂ 12 ਪੁਲਿਸ ਮੁਲਾਜ਼ਮਾਂ ਨੂੰ ਕਿਉਂ ਬਰਖਾਸਤ ਕੀਤਾ ਗਿਆ ?

ਅਵਿਨਾਸ਼ ਰਾਏ ਖੰਨਾ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਕੋਈ ਵੀ ਪ੍ਰਤੀਨਿਧੀ ਜਾਂ ਆਗੂ ਅਜੇ ਤੱਕ ਪੀੜਤ ਪਰਿਵਾਰ ਨੂੰ ਮਿਲਣ ਲਈ ਨਹੀਂ ਪਹੁੰਚਿਆ,ਜੋ ਕਿ ਬਹੁਤ ਸ਼ਰਮਨਾਕ ਹੈ। ਉਨ੍ਹਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਇਨਸਾਫ਼ ਦੀ ਇਸ ਲੜਾਈ ਵਿੱਚ ਪੀੜਤ ਪਰਿਵਾਰ ਦੇ ਨਾਲ ਖੜ੍ਹੀ ਹੈ। ਉਨ੍ਹਾਂ ਪੰਜਾਬ ਦੇ ਰਾਜਪਾਲ ਤੋਂ ਮੰਗ ਕੀਤੀ ਕਿ ਉਹ ਪੰਜਾਬ ਸਰਕਾਰ ਨੂੰ ਇਸ ਘਟਨਾ ਦੇ ਦੋਸ਼ੀਆਂ ਵਿਰੁੱਧ ਕੇਸ ਦਰਜ ਕਰਨ ਅਤੇ ਉਨ੍ਹਾਂ ਵਿਰੁੱਧ ਕਾਨੂੰਨੀ ਕਾਰਵਾਈ ਕਰਨ ਦੇ ਨਿਰਦੇਸ਼ ਜਾਰੀ ਕਰਨ।

# ਮਾਰਚ ਮਹੀਨੇ ਦੇ ਸ਼ਹੀਦਾਂ ਦੀ ਯਾਦ ਵਿੱਚ ਜੋਧਾਂ ਰਤਨ ਬਾਜ਼ਾਰ ਵਿੱਚ ਸਮਾਗਮ 22 ਨੂੰ



ਫ਼ਗਵਾੜਾ-ਜੋਧਾਂ (ਸੁਸ਼ੀਲ ਸ਼ਰਮਾ) ਮਾਰਚ ਮਹੀਨੇ ਦੇ ਸ਼ਹੀਦਾਂ,ਸ਼ਹੀਦ ਭਗਤ ਸਿੰਘ,ਰਾਜਗੁਰੂ ਤੇ ਸੁਖਦੇਵ ਦੀ ਸ਼ਹਾਦਤ ਦੇ ਸਬੰਧ ਵਿੱਚ ਜੋਧਾਂ ਰਤਨ ਬਜ਼ਾਰ ਵਿੱਚ ਸਥਿਤ ਸ਼ਹੀਦ ਭਗਤ ਸਿੰਘ ਬੁੱਤ ਅਸਥਾਨ ਵਿਖੇ ਮਿਤੀ 22 ਮਾਰਚ ਨੂੰ ਇਨਕਲਾਬੀ ਸਮਾਗਮ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਪੰਜਾਬ,ਮੈਡੀਕਲ ਪ੍ਰੈਕਟੀਸ਼ਨਰਜ ਐਸੋਸੀਏਸ਼ਨ, ਜੋਧਾਂ ਰਤਨ ਬਜ਼ਾਰ ਦੁਕਾਨਦਾਰਾਂ ਦੀ ਐਸੋਸੀਏਸ਼ਨ ਤੇ ਹੋਰ ਇਨਕਲਾਬੀ ਜਥੇਬੰਦੀਆਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਡਾ.ਪ੍ਰਦੀਪ ਜੋਧਾਂ ਨੇ ਦੱਸਿਆ ਕਿ ਇਹ ਸਮਾਗਮ 22 ਮਾਰਚ ਨੂੰ ਸਵੇਰੇ 10ਵਜੇ ਸ਼ੁਰੂ ਹੋਵੇਗਾ ਤੇ ਵੱਖ-ਵੱਖ ਜਥੇਬੰਦੀਆਂ ਦੇ ਆਗੂਆਂ ਵੱਲੋਂ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ ਜਾਣਗੇ।

# ਸੀ.ਐਚ.ਸੀ.ਬੜਾ ਪਿੰਡ ਵੱਲੋਂ ਵਿਸ਼ਵ ਓਰਲ ਦਿਵਸ ਮਨਾਇਆ




ਫ਼ਗਵਾੜਾ-ਬੜਾ ਪਿੰਡ (ਸੁਸ਼ੀਲ ਸ਼ਰਮਾ) ਸਿਵਲ ਸਰਜਨ ਡਾ.ਗੁਰਮੀਤ ਲਾਲ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਅੱਜ ਦੰਦਾਂ ਦੀ ਸੰਭਾਲ ਸਬੰਧੀ ਜਾਗਰੂਕਤਾ ਪੈਦਾ ਕਰਨ ਲਈ ਕਮਿਊਨਿਟੀ ਹੈਲਥ ਸੈਂਟਰ ਬੜਾ ਪਿੰਡ ਵੱਲੋਂ ਵਿਸ਼ਵ ਓਰਲ ਦਿਵਸ ਸੀਨੀਅਰ ਮੈਡੀਕਲ ਅ਼ਫਸਰ ਡਾ. ਅਮਿਤਾ ਲੂਨਾ ਦੀ ਅਗਵਾਈ ਹੇਠ ਮਨਾਇਆ ਗਿਆ ।

ਇਸ ਮੌਕੇ ਤੇ ਮੈਡੀਕਲ ਅਫਸਰ ਡੈਂਟਲ ਡਾ.ਅਵਿਨਾਸ਼ ਮੰਗੋਤਰਾ ਨੇ ਦੰਦਾਂ ਦੀ ਸੰਭਾਲ ਅਤੇ ਬਿਮਾਰੀਆਂ ਬਾਰੇ ਵਿਸਤਾਰ ਵਿੱਚ ਜਾਣਕਾਰੀ ਦਿੱਤੀ। ਉਹਨਾਂ ਦੰਦਾਂ ਦੀ ਸੰਭਾਲ ਲਈ ਹਰੀਆਂ ਸਬਜੀਆਂ ਅਤੇ ਫਲਾਂ ਦਾ ਉਪਯੋਗ ਕਰਨ ਉੱਪਰ ਜੋਰ ਦਿੱਤਾ। ਇਸ ਦੇ ਨਾਲ ਫਾਸਟ ਫੂਡ ਤੋਂ ਪ੍ਰਹੇਜ ਕਰਨ ਦੀ ਸਲਾਹ ਦਿੱਤੀ । ਡਾ.ਅਵਿਨਾਸ਼ ਮੰਗੋਤਰਾ ਨੇ ਮੂੰਹ ਦੇ ਕੈਂਸਰ ਤੋਂ ਬਚਣ ਲਈ ਤੰਬਾਕੂ ਤੋਂ ਪਰਹੇਜ ਕਰਨ ਲਈ ਕਿਹਾ। ਇਸ ਦੇ ਨਾਲ ਉਨ੍ਹਾਂ ਦਿਨ ਵਿੱਚ ਦੋ ਬਾਰ ਬਰਸ਼ ਕਰਨ ਅਤੇ ਸਾਲ ਵਿੱਚ ਦੋ ਵਾਰ ਚੈਕਅੱਪ ਕਰਵਾਉਣ ਲਈ ਕਿਹਾ। ਮੈਡੀਕਲ ਅ਼ਫਸਰ ਡਾ.ਮਮਤਾ,ਸੁਪਰਵਾਈਜਰ ਕੁਲਦੀਪ ਵਰਮਾ,ਹੈਲਥ ਸੁਪਰਵਾਈਜਰ ਸਤਨਾਮ,ਲੈਬ ਟੈਕਨੀਸ਼ੀਅਨ ਉਮੇਸ਼ ਅਤੇ ਸਮੂਹ ਸਟਾਫ ਇਸ ਮੌਕੇ ਤੇ ਹਾਜਰ ਸੀ।

# ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਵੇਂ ਸ਼ਤਾਬਦੀ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ 22 ਮਾਰਚ ਨੂੰ ।

ਫਗਵਾੜਾ (ਸੁਸ਼ੀਲ ਸ਼ਰਮਾ) ਸਮੂਹ ਸਾਧ ਸੰਗਤ ਫਗਵਾੜਾ ਇਲਾਕਾ ਨਿਵਾਸੀਆਂ ਵਲੋਂ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਤਾਬਦੀ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਅਤੇ ਬਰਸੀ ਸਬੰਧੀ ਸ੍ਰੀਮਾਨ 108 ਸੰਤ ਬਾਬਾ ਬਸੰਤ ਸਿੰਘ ਜੀ , ਸ੍ਰੀਮਾਨ 108 ਸੰਤ ਬਾਬਾ ਗਿਆਨ ਸਿੰਘ ਜੀ , ਸ੍ਰੀਮਾਨ 108 ਸੰਤ ਬਾਬਾ ਹਰਭਜਨ ਸਿੰਘ (ਵਿਰੱਕਤ) ਨਿਰਮਲ ਕੁੱਟੀਆ ਜੌਹਲਾਂ ਸੰਪਰਦਾਇ ਹੋਤੀ ਮਰਦਾਨ ਮਹਾਨ ਗੁਰਮਤਿ ਸਮਾਗਮ 22 ਮਾਰਚ,ਦਿਨ ਸ਼ਨੀਵਾਰ ਸਵੇਰੇ 10-30 ਵਜੇ ਤੋਂ ਦੁਪਹਿਰ 2-00 ਵਜੇ ਤੱਕ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ,ਮਾਡਲ ਟਾਊਨ ਫਗਵਾੜਾ ਵਿਖੇ ਕਰਵਾਇਆ ਜਾ ਰਿਹਾ ਹੈ ।ਜਿਸ ਵਿੱਚ ਨਿਰਮਲ ਕੁੱਟੀਆ ਜੌਹਲਾਂ ਦੇ ਮੁੱਖੀ ਸੰਤ ਬਾਬਾ ਜੀਤ ਸਿੰਘ ਜੀ ਉਚੇਚੇ ਤੌਰ ਤੇ ਪਹੁੰਚ ਰਹੇ ਹਨ ।ਇਸ ਮੌਕੇ ਭਾਈ ਸਿਮਰਪ੍ਰੀਤ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲੇ, ਪੈਲੀ ਵਾਲਿਆ ਦਾ ਪੰਥਕ ਜਥਾ ਭਾਈ ਸੁਰਿੰਦਰ ਸਿੰਘ ਖਾਲਸਾ,ਮਨਪ੍ਰੀਤ ਸਿੰਘ ਪੈਲੀ,ਭਾਈ ਅਜੀਤ ,ਭਾਈ ਮਨਜੀਤ ਸਿੰਘ ਪੈਲੀ ਵਾਲੇ ਸੰਗਤਾਂ ਨੂੰ ਗੁਰਬਾਣੀ ਦੇ ਮਨੋਹਰ ਕੀਰਤਨ ਅਤੇ ਢਾਡੀ ਵਾਰਾਂ ਨਾਲ ਨਿਹਾਲ ਕਰਨਗੇ ।ਸੰਗਤਾਂ ਲਈ ਗੁਰੂ ਕਾ ਅਤੁੱਟ ਲੰਗਰ ਵਰਤਾਇਆ ਜਾਵੇਗਾ।

# ਵਿਧਾਇਕ ਰਮਨ ਅਰੋੜਾ ਅਤੇ ਸਿਵਲ ਸਰਜਨ ਨੇ ਟੀ.ਬੀ.ਮਰੀਜਾਂ ਨੂੰ ਵੰਡੀਆਂ ਨਿਊਟਰੀਸ਼ਨ ਕਿੱਟਾਂ




ਫ਼ਗਵਾੜਾ-ਜਲੰਧਰ (ਸੁਸ਼ੀਲ ਸ਼ਰਮਾ) ਸਿਹਤ ਵਿਭਾਗ ਜਲੰਧਰ ਟੀ.ਬੀ.ਦੇ ਖਾਤਮੇ ਲਈ 100 ਦਿਨਾਂ ਦੀ ਟੀਬੀ ਮੁਹਿੰਮ ਦੌਰਾਨ ਲਗਾਤਾਰ ਯਤਨਸ਼ੀਲ ਹੈ।ਇਸਦੇ ਮੱਦੇਨਜਰ ਹਲਕਾ ਸੈਂਟਰ ਦੇ ਵਿਧਾਇਕ ਸ੍ਰੀ ਰਮਨ ਅਰੋੜਾ ਵੱਲੋਂ ਜਿਲ੍ਹਾ ਟੀ.ਬੀ.ਕੇਂਦਰ ਜਲੰਧਰ ਵਿਖੇ ਨਿਊਟਰੀਸ਼ਨ ਕਿੱਟ ਵੰਡ ਸਮਾਰੋਹ ਦੌਰਾਨ ਸਿਵਲ ਸਰਜਨ ਡਾ. ਗੁਰਮੀਤ ਲਾਲ,ਜਿਲ੍ਹਾ ਪਰਿਵਾਰ ਭਲਾਈ ਅ਼ਫਸਰ ਡਾ.ਰਮਨ ਗੁਪਤਾ, ਹੈਮਕੋ ਚੈਰੀਟੇਬਲ ਟ੍ਰਸਟ ਦੇ ਸ਼ਾਂਤ ਗੁਪਤਾ ਅਤੇ ਪ੍ਰਸਿੱਧ ਉਦਯੋਗਪਤੀ ਅਤੇ ਸਮਾਜ ਸੇਵਕ ਪਰਮਿੰਦਰ ਬਹਿਲ ਦੇ ਨਾਲ ਟੀ.ਬੀ.ਮਰੀਜਾਂ ਨੂੰ ਨਿਊਟਰੀਸ਼ਨ ਕਿੱਟਾਂ ਵੰਡੀਆਂ ਗਈਆਂ।

ਸਿਵਲ ਸਰਜਨ ਡਾ.ਗੁਰਮੀਤ ਲਾਲ ਨੇ ਸਮਾਰੋਹ ਵਿੱਚ ਵਿਸ਼ੇਸ਼ ਤੌਰ ਤੇ ਸ਼ਿਰਕਤ ਕਰਨ ਪਹੁੰਚੇ ਵਿਧਾਇਕ ਸ੍ਰੀ ਰਮਨ ਅਰੋੜਾ ਅਤੇ ਉਨ੍ਹਾਂ ਨਾਲ ਆਏ ਹੋਏ ਪਤਵੰਤਿਆਂ ਦਾ ਨਿੱਘਾ ਸਵਾਗਤ ਕਰਦਿਆਂ ਕਿਹਾ ਕਿ ਸਿਹਤ ਵਿਭਾਗ ਵੱਲੋਂ ਟੀ.ਬੀ.ਦੇ ਖਾਤਮੇ ਲਈ 07 ਦਸੰਬਰ 2024 ਤੋਂ ਚੱਲ ਰਹੇ 100 ਦਿਨਾਂ ਦੇ ਟੀ.ਬੀ.ਅਲੀਮਿਨੇਸ਼ਨ ਪ੍ਰੋਗਰਾਮ ਤਹਿਤ ਟੀ.ਬੀ. ਦੇ ਮਰੀਜਾਂ ਦੀ ਪਹਿਚਾਣ ਤੇ ਇਲਾਜ ਕੀਤਾ ਜਾ ਰਿਹਾ ਹੈ। ਇਸੇ ਮੁਹਿੰਮ ਦੇ ਮੱਦੇਨਜ਼ਰ ਨਿ-ਕਸ਼ੇ ਮਿੱਤਰਾ ਸ੍ਰੀ ਸ਼ਾਂਤ ਗੁਪਤਾ ਜੀ ਵੱਲੋਂ ਟੀ.ਬੀ. ਦੇ ਮਰੀਜਾਂ ਨੂੰ ਅਡਾਪਟ ਕੀਤਾ ਗਿਆ ਹੈ ਅਤੇ ਜਿਸ ਲਈ ਮਰੀਜ ਦੇ ਇਲਾਜ ਦੌਰਾਨ ਉਹ ਮਰੀਜਾਂ ਨੂੰ ਨਿਊਟਰੀਸ਼ਨ ਕਿੱਟਾਂ ਮੁਹੱਈਆ ਕਰਵਾ ਰਹੇ ਹਨ। ਉਨ੍ਹਾ ਕਿਹਾ ਕਿ ਨਿਯਮਤ ਦਵਾਈ ਅਤੇ ਚੰਗੀ ਖੁਰਾਕ ਹੀ ਟੀ.ਬੀ. ਤੋਂ ਬਚਾਅ ਲਈ ਅਸਲ ਕੁੰਜੀ ਹੈ। ਸ਼ਰੀਰ ਦੀ ਰੋਗਾਂ ਨਾਲ ਲੜਨ ਦੀ ਸਮਰਥਾ ਨੂੰ ਵਧਾਉਣ ਲਈ ਪੌਸ਼ਟਿਕ ਖੁਰਾਕ, ਰੋਜਾਨਾ ਵਰਜਿਸ਼ ਤੇ ਸੈਰ ਜਰੂਰ ਕਰਨੀ ਚਾਹੀਦੀ ਹੈ।

ਸ੍ਰੀ ਰਮਨ ਅਰੋੜਾ ਵੱਲੋਂ ਸਿਹਤ ਵਿਭਾਗ ਦੀ ਟੀ.ਬੀ.ਦੇ ਖਾਤਮੇ ਲਈ ਚਲਾਈ ਜਾ ਰਹੀ ਇਸ ਮੁਹਿੰਮ ਦੀ ਸ਼ਲਾਘਾ ਕੀਤੀ ਅਤੇ ਟੀ.ਬੀ. ਅਲੀਮਿਨੇਸ਼ਨ ਪ੍ਰੋਗਰਾਮ ਤਹਿਤ 2025 ਦੇ ਅੰਤ ਤੱਕ ਟੀ.ਬੀ. ਦੇ ਖਾਤਮੇ ਲਈ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ ਗਿਆ। ਇਸ ਉਪਰੰਤ ਸਿਵਲ ਸਰਜਨ ਵੱਲੋਂ ਟੀਬੀ ਮਰੀਜਾਂ ਨੂੰ ਨਿਊਟਰੀਸ਼ਨ ਕਿੱਟਾਂ ਦੇਣ ਲਈ ਹੈਮਕੋ ਚੈਰੀਟੇਬਲ ਟ੍ਰਸਟ ਦੇ ਸ਼ਾਂਤ ਗੁਪਤਾ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ ਗਿਆ। ਉਨ੍ਹਾਂ ਨੇ ਹੋਰ ਸੰਸਥਾਵਾਂ ਨੂੰ ਵੀ 100 ਦਿਨਾਂ ਦੀ ਟੀਬੀ ਮੁਹਿੰਮ ਵਿੱਚ ਵੱਧ ਚੜ ਕੇ ਹਿੱਸਾ ਲੈਣ ਦੀ ਅਪੀਲ ਕੀਤੀ। ਇਸ ਮੌਕੇ ਉਨ੍ਹਾਂ ਨਾਲ ਜਿਲ੍ਹਾ ਟੀ.ਬੀ.ਅ਼ਫਸਰ ਡਾ.ਗੀਤੂ ਦਾਦਰਾ,ਡਾ.ਰਘੂ ਸੱਭਰਵਾਲ ਡਿਪਟੀ ਐਮ.ਈ.ਆਈ.ਓ. ਅਸੀਮ ਸ਼ਰਮਾ, ਜਿਲ੍ਹਾ ਬੀਸੀਸੀ ਕੋਆਰਡੀਨੇਟਰ ਨੀਰਜ ਸ਼ਰਮਾ, ਰੈਡ ਕ੍ਰਾਸ ਸੋਸਾਇਟੀ ਦੇ ਮੈਂਬਰ ਅਤੇ ਸਮੂਹ ਐਨ.ਟੀ.ਈ.ਪੀ.ਸਟਾਫ ਮੌਜੂਦ ਸੀ।

# ਪੰਜਾਬ ਸਰਕਾਰ ਵਿਧਾਨ ਸਭਾ ਦੇ ਬਜ਼ਟ ਸੈਸ਼ਨ ਵਿੱਚ ਨਵੀਂ ਸਿੱਖਿਆ ਨੀਤੀ 2020 ਨੂੰ ਰੱਦ ਕਰਨ ਦਾ ਮਤਾ ਪਾਸ ਕਰੇ- ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ




ਫ਼ਗਵਾੜਾ-ਜਲੰਧਰ (ਸੁਸ਼ੀਲ ਸ਼ਰਮਾ) ਗੌਰਮਿੰਟ ਟੀਚਰਜ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ,ਜਨਰਲ ਸਕੱਤਰ ਗੁਰਬਿੰਦਰ ਸਿੰਘ ਸਸਕੌਰ,ਵਿੱਤ ਸਕੱਤਰ ਅਮਨਦੀਪ ਸ਼ਰਮਾ,ਪ੍ਰੈਸ ਸਕੱਤਰ ਕਰਨੈਲ ਫਿਲੌਰ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਬਜ਼ਟ ਸੈਸ਼ਨ ਵਿੱਚ ਨਵੀਂ ਸਿੱਖਿਆ ਨੀਤੀ 2020 ਨੂੰ ਰੱਦ ਕਰਨ ਦਾ ਮਤਾ ਪਾਸ ਕੀਤਾ ਜਾਵੇ ਅਤੇ ਪੰਜਾਬ ਦੇ ਸੱਭਿਆਚਾਰ, ਧਰਾਤਲ ਅਤੇ ਵਿਰਸੇ ਅਤੇ ਪੰਜਾਬ ਦੇ ਹਾਲਾਤਾਂ ਨੂੰ ਮੁੱਖ ਰੱਖ ਕੇ ਆਪਣੀ ਨਵੀਂ ਸਿੱਖਿਆ ਨੀਤੀ ਬਣਾਈ ਜਾਵੇ। ਆਗੂਆਂ ਨੇ ਕਿਹਾ ਕਿ ਨਵੀਂ ਸਿੱਖਿਆ ਨੀਤੀ ਕਾਰਨ ਪੰਜਾਬ ਦੀ ਸਿੱਖਿਆ ਤਬਾਹ ਹੋ ਜਾਵੇਗੀ ਤੇ ਨਿੱਜੀ ਸੰਸਥਾਵਾਂ ਦੇ ਦਖ਼ਲ ਕਾਰਨ ਸਿੱਖਿਆ ਮਹਿੰਗੀ ਹੋ ਜਾਵੇਗੀ ਤੇ ਗਰੀਬ ਲੋਕਾਂ ਤੋਂ ਖੁੱਸ ਜਾਵੇਗੀ। ਆਗੂਆਂ ਨੇ ਕਿਹਾ ਕਿ ਨਵੀਂ ਸਿੱਖਿਆ ਨੀਤੀ ਦੇਸ਼ ਦੇ ਵੱਖਰੇ ਵੱਖਰੇ ਸੱਭਿਆਚਾਰਾਂ ਨੂੰ ਖਤਮ ਕਰ ਦੇਵੇਗੀ ਜਿਸ ਕਾਰਨ ਪੰਜਾਬ ਦੀ ਆਪਣੀ ਪਹਿਚਾਣ ਖਤਰੇ ਵਿਚ ਹੈ। ਬਹੁਤ ਸਾਰੇ ਰਾਜਾਂ ਨੇ ਨਵੀਂ ਸਿੱਖਿਆ ਨੀਤੀ ਨੂੰ ਲਾਗੂ ਨਾ ਕਰਨ ਦਾ ਫੈਸਲਾ ਕੀਤਾ ਹੈ ਜਿਸ ਤੋਂ ਪੰਜਾਬ ਨੂੰ ਵੀ ਸੇਧ ਲੈਣੀ ਚਾਹੀਦੀ ਹੈ। ਆਗੂਆਂ ਨੇ ਹੋਰ ਅੱਗੇ ਕਿਹਾ ਕਿ 2015 ਨੂੰ ਮਾਣਯੋਗ ਇਲਾਹਾਬਾਦ ਹਾਈਕੋਰਟ ਦੇ ਫੈਸਲੇ ਅਨੁਸਾਰ ਸਾਰੇ ਮੁਲਾਜ਼ਮਾਂ ਦੇ ਬੱਚੇ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਹਾਸਲ ਕਰਨ ਨੂੰ ਹੋਰ ਸੋਧ ਕੇ ਲਾਗੂ ਕੀਤਾ ਜਾਵੇ ਕੇ ਜਿਹੜਾ ਵਿਅਕਤੀ ਪੰਜਾਬ ਦੇ ਖਜ਼ਾਨੇ ਵਿਚੋਂ ਇੱਕ ਰੁਪਈਆ ਵੀ ਕੋਈ ਫਾਇਦਾ ਲੈਂਦਾ ਹੈ ਉਹਨਾਂ ਸਾਰਿਆਂ ਦੇ ਬੱਚੇ ਸਰਕਾਰੀ ਸਕੂਲਾਂ ਵਿੱਚ ਪੜ੍ਹਨੇ ਚਾਹੀਦੇ ਹਨ ਕੋਈ ਮੁਲਾਜਮ, ਵਿਧਾਇਕ, ਮੰਤਰੀ ਜਾਂ ਮੈਂਬਰ ਪਾਰਲੀਮੈਂਟ ਹੀ ਕਿਉ ਨਾ ਹੋਵੇ। ਕਾਮਨ ਸਕੂਲ ਪ੍ਰਣਾਲੀ ਲਾਗੂ ਕਰਨ ਦਾ ਮਤਾ ਵੀ ਪਾਸ ਕਰਨਾ ਚਾਹੀਦਾ ਹੈ ਤਾਂ ਕਿ ਸਾਰੇ ਲੋਕਾਂ ਦੇ ਬੱਚੇ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਹਾਸਲ ਕਰਨ ਤਾਂ ਹੀ ਲੋਕਾਂ ਨੂੰ ਪ੍ਰਾਈਵੇਟ ਸਕੂਲਾਂ ਦੀ ਲੁੱਟ ਤੋਂ ਬਚਾਇਆ ਜਾ ਸਕਦਾ ਹੈ।

ਇਸ ਮੌਕੇ ਹੁਸ਼ਿਆਰਪੁਰ ਤੋਂ ਅਮਨਦੀਪ ਸ਼ਰਮਾ ਤੇ ਸੁਨੀਲ ਕੁਮਾਰ , ਗੁਰਦਾਸਪੁਰ ਤੋਂ ਮੰਗਲਦੀਪ ਨਵਾਂਸ਼ਹਿਰ ਤੋਂ ਕੁਲਦੀਪ ਸਿੰਘ ਦੌੜਕਾ, ਮੋਗਾ ਤੋਂ ਜੱਜਪਾਲ ਸਿੰਘ ਬਾਜੇ ਕੇ ਅਤੇ ਗੁਰਪ੍ਰੀਤ ਸਿੰਘ ਅਮੀਵਾਲ ,ਮੁਕਤਸਰ ਤੋਂ ਮਨੋਹਰ ਲਾਲ ਸ਼ਰਮਾ, ਸੰਗਰੂਰ ਤੋਂ ਸਰਬਜੀਤ ਸਿੰਘ, ਪਟਿਆਲਾ ਤੋਂ ਜਗਪ੍ਰੀਤ ਸਿੰਘ ਭਾਟੀਆ ਫਤਹਿਗੜ੍ਹ ਸਾਹਿਬ ਤੋਂ ਰਾਜੇਸ਼ ਕੁਮਾਰ, ਫਿਰੋਜਪੁਰ ਤੋਂ ਬਲਵਿੰਦਰ ਸਿੰਘ ਭੁੱਟੋ ,ਜਸਵਿੰਦਰ ਸਿੰਘ,ਰੋਪੜ ਤੋਂ ਗੁਰਬਿੰਦਰ ਸਸਕੌਰ ਪਠਾਨਕੋਟ ਤੋਂ ਸੁਭਾਸ਼ ਕੁਮਾਰ,ਅਮ੍ਰਿਤਪਾਲ ਮਾਨਸਾ ਤੋਂ ਨਰਿੰਦਰ ਸਿੰਘ ਮਾਖਾ,ਲਖਵਿੰਦਰ ਸਿੰਘ, ਗੁਰਪ੍ਰੀਤ ਸਿੰਘ ਮੋਹਾਲੀ ਤੋਂ ਮਨਪ੍ਰੀਤ ਸਿੰਘ,ਪ੍ਰਸ਼ੋਤਮ ਲਾਲ,ਸ੍ਰੀ ਅੰਮ੍ਰਿਤਸਰ ਤੋਂ ਸੁੱਚਾ ਸਿੰਘ ਟਰਪਈ, ਲੁਧਿਆਣਾ ਤੋਂ ਜਗਜੀਤ ਸਿੰਘ ਮਾਨ, ਬਰਨਾਲਾ ਤੋਂ ਹਰਿੰਦਰ ਮਲੀਆ ਤਰਨਤਾਰਨ ਤੋਂ ਸਰਬਜੀਤ ਸਿੰਘ ਜਲੰਧਰ ਤੋਂ ਤੀਰਥ ਸਿੰਘ ਬਾਸੀ ਅਤੇ ਨਿਰਮੋਲਕ ਸਿੰਘ ਹੀਰਾ ਆਦਿ ਅਧਿਆਪਕ ਆਗੂ ਸ਼ਾਮਿਲ ਸਨ

# ਸਿਹਤ ਵਿਭਾਗ ਵੱਲੋਂ ਬਿਨਾਂ ਲਾਈਸੈਂਸ ਤੋਂ ਘਰਾਂ ਵਿੱਚ ਚੱਲ ਰਹੀਆਂ ਚਾਂਪਾ ਬਣਾਉਣ ਵਾਲੀਆਂ ਫੈਕਟਰੀਆਂ ਨੂੰ ਕੀਤਾ ਗਿਆ ਸੀਲ: ਡਿਪਟੀ ਕਮਿਸ਼ਨਰ




ਅੰਮ੍ਰਿਤਸਰ (ਲੋਕ ਬਾਣੀ) – ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਕਮਿਸ਼ਨਰ ਫੂਡ ਅਤੇ ਡਰੱਗ ਐਡਮਿਨਿਸਟ੍ਰੇਸ਼ਨ ਪੰਜਾਬ ਦਿਲਰਾਜ ਸਿੰਘ ਆਈਏਸ ਦੇ ਆਦੇਸ਼ਾਂ ਤਹਿਤ, ਡਿਪਟੀ ਕਮਿਸ਼ਨਰ ਸਾਕਸੀ ਸਾਹਨੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ, ਸਿਵਲ ਸਿਵਲ ਸਰਜਨ ਡਾ.ਕਿਰਨਦੀਪ ਕੌਰ ਵੱਲੋਂ ਇੱਕ ਸਪੈਸ਼ਲ ਟੀਮ ਦਾ ਗਠਨ ਕੀਤਾ ਗਿਆ, ਜਿਸ ਦੀ ਅਗਵਾਈ ਸਹਾਇਕ ਕਮਿਸ਼ਨਰ ਫੂਡ ਰਜਿੰਦਰ ਪਾਲ ਸਿੰਘ ਵੱਲੋਂ ਕੀਤੀ ਗਈ। ਇਸ ਟੀਮ ਵਿੱਚ ਫੂਡ ਸੇਫਟੀ ਅਫਸਰ ਅਮਨਦੀਪ ਸਿੰਘ ਅਤੇ ਸਤਨਾਮ ਸਿੰਘ ਵੱਲੋਂ ਪੁਲਿਸ ਵਿਭਾਗ ਦੇ ਵਿਜੀਲੈਂਸ ਵਿੰਗ ਦੇ ਇੰਸਪੈਕਟਰ ਸ਼ਰਨਜੀਤ ਸਿੰਘ ਅਤੇ ਗੁਰਸੇਵਕ ਸਿੰਘ ਨਾਲ ਮਿਲ ਕੇ ਸ਼ਹਿਰ ਦੇ ਵੱਖ-ਵੱਖ ਖੇਤਰਾਂ ਵਿੱਚ ਖਾਣ ਪੀਣ ਦੀਆਂ ਵਸਤੂਆਂ ਖਾਸ ਕਰਕੇ ਚਾਪਾ ਅਤੇ ਮੋਮੋਸ ਬਣਾਉਣ ਵਾਲੀਆਂ ਅਨਹਾਈਜੀਨਿਕ ਫੈਕਟਰੀਆਂ ਤੇ ਛਾਪੇਮਾਰੀ ਕੀਤੀ ਗਈ। ਇਸ ਟੀਮ ਵੱਲੋਂ ਰਾਮਬਾਗ ਵਿਖੇ ਇੱਕ ਹੋਲ ਸੇਲ ਦੀ ਦੁਕਾਨ ਤੇ ਛਾਪੇਮਾਰੀ ਕੀਤੀ ਗਈ ਜਿਸ ਦੌਰਾਨਚਾਪਾ ਅਤੇ ਮੋਮੋਜ ਦੇ ਸੈਂਪਲ ਭਰੇ ਗਏ। ਉਕਤ ਦੁਕਾਨਦਾਰ ਵੱਲੋਂ ਫੂਡ ਸੇਫਟੀ ਸਬੰਧੀ ਨਾ ਹੀ ਕੋਈ ਲਾਈਸੈਂਸ ਲਿਆ ਗਿਆ ਸੀ ਅਤੇ ਸਾਰੇ ਸਮਾਨ ਦਾ ਰੱਖ ਰਖਾਵ ਅਨਹਾਈਜੀਨਿਕ ਹੋਣ ਕਾਰਨ, ਉਸ ਦਾ ਚਲਾਨ ਕੱਟਿਆ ਗਿਆ ਅਤੇ ਸੈਂਪਲ ਸੀਲ ਕੀਤੇ ਗਏ। ਇਸ ਉਪਰੰਤ ਟੀਮ ਵੱਲੋਂ ਅਨਗੜ ਸਥਿਤ ਦੋ ਚਾਪਾ ਬਣਾਉਣ ਵਾਲੀਆਂ ਫੈਕਟਰੀਆਂ ਤੇ ਛਾਪੇਮਾਰੀ ਕੀਤੀ ਗਈ, ਜਿਸ ਦੌਰਾਨ ਫੈਕਟਰੀ ਵਿੱਚ ਅਨਹਾਈਜੀਨਿਕ ਰੱਖ ਰਖਾਵ ਅਤੇ ਲਾਈਸੈਂਸ ਨਾ ਹੋਣ ਕਰਕੇ ਉਕਤ ਦੋਹਾਂ ਫੈਕਟਰੀਆਂ ਨੂੰ ਸੀਲ ਕੀਤਾ ਅਤੇ ਚਾਪਾ ਦੇ ਸੈਂਪਲ ਭਰੇ ਗਏ। ਇਸ ਰੇਡ ਦੌਰਾਨ ਕੁੱਲ ਪੰਜ ਸੈਂਪਲ ਭਰੇ ਗਏ ਹਨ ਅਤੇ ਇਹਨਾਂ ਸਾਰੇ ਸੈਂਪਲਾਂ ਨੂੰ ਸਟੇਟ ਲੈਬੋਰਟਰੀ ਖਰੜ ਵਿਖੇ ਟੈਸਟਿੰਗ ਲਈ

# ਪੰਜਗਰਾਈਆ ਵਿਖੇ ਮਨਾਇਆ ਗਿਆ ਵਰਲਡ ਓਰਲ ਹੈਲਥ ਡੇਅ




ਮਾਲੇਰਕੋਟਲਾ –(ਕਿੰਮੀ ਅਰੋੜਾ,ਅਸਲਮ ਨਾਜ਼)

ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਪੰਜਾਬ ਅਤੇ ਸਿਵਲ ਸਰਜਨ ਮਲੇਰਕੋਟਲਾ ਡਾ.ਸੰਜੇ ਗੋਇਲ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸੀਨੀਅਰ ਮੈਡੀਕਲ ਅਫ਼ਸਰ ਡਾ.ਜੀ ਐੱਸ ਭਿੰਡਰ ਦੀ ਅਗਵਾਈ ਵਿੱਚ ਬਲਾਕ ਫਤਿਹਗੜ੍ਹ ਪੰਜਗਰਾਈਆਂ ਵਿਖੇ ਵਰਲਡ ਓਰਲ ਹੈਲਥ ਡੇਅ ਮਨਾਇਆ ਗਿਆ। ਇਸ ਮੌਕੇ ਡਾ. ਜੀ ਐੱਸ ਭਿੰਡਰ ਨੇ ਦੱਸਿਆ ਕਿ ਇਸ ਪ੍ਰੋਗਰਾਮ ਵਿੱਚ ਆਸ਼ਾ ਵਰਕਰਾਂ ਨੂੰ ਓਰਲ ਹੈਲਥ ਪ੍ਰਤੀ ਜਾਗਰੂਕ ਕੀਤਾ ਗਿਆ ਤਾਂ ਜੋ ਉਹ ਆਮ ਲੋਕਾਂ ਨੂੰ ਮੂੰਹ ਦੀ ਸਾਫ਼ ਸਫ਼ਾਈ ਅਤੇ ਸੰਭਾਲ਼ ਪ੍ਰਤੀ ਨੁਕਤੇ ਦੱਸ ਸਕਣ। ਇਸ ਮੌਕੇ ਬਲਾਕ ਐਜੂਕੇਟਰ ਹਰਪ੍ਰੀਤ ਕੌਰ ਨੇ ਦੱਸਿਆ ਕਿ ਹਰ ਸਾਲ ਇਹ ਪ੍ਰੋਗਰਾਮ ਇੱਕ ਖਾਸ ਥੀਮ ਦੀ ਪਾਲਣਾ ਕਰਦਾ ਹੈ, ਜੋ ਮੂੰਹ ਦੀ ਸੰਭਾਲ ਦੇ ਵੱਖ-ਵੱਖ ਪਹਿਲੂਆਂ ਤੇ ਕੇਂਦ੍ਰਿਤ ਹੁੰਦਾ ਹੈ। 2025 ਦਾ ਥੀਮ, ਇੱਕ ਖੁਸ਼ ਮੂੰਹ ਹੈ... ਇੱਕ ਖੁਸ਼ ਮਨ ਹੈ ' ਮੂੰਹ ਦੀ ਸਿਹਤ ਅਤੇ ਮਾਨਸਿਕ ਤੰਦਰੁਸਤੀ ਵਿਚਕਾਰ ਸਬੰਧ ਨੂੰ ਉਜਾਗਰ ਕਰਦਾ ਹੈ। ਉਹਨਾਂ ਦੱਸਿਆ ਕਿ ਮਾੜੀ ਮੂੰਹ ਦੀ ਸਫਾਈ ਕਾਰਨ ਖੋੜ, ਮਸੂੜਿਆਂ ਦੀ ਬਿਮਾਰੀ ਅਤੇ ਦੰਦਾਂ ਦਾ ਨੁਕਸਾਨ ਵਰਗੀਆਂ ਸਥਿਤੀਆਂ ਹੋ ਸਕਦੀਆਂ ਹਨ, ਜੋ ਆਤਮਵਿਸ਼ਵਾਸ, ਸਮਾਜਿਕ ਪਰਸਪਰ ਪ੍ਰਭਾਵ ਅਤੇ ਸਮੁੱਚੀ ਮਾਨਸਿਕ ਸਿਹਤ ਨੂੰ ਪ੍ਰਭਾਵਿਤ ਕਰ ਸਕਦੀਆਂ ਹਨ। ਇਲਾਜ ਨਾ ਕੀਤੇ ਗਏ ਦੰਦਾਂ ਦੀਆਂ ਸਮੱਸਿਆਵਾਂ ਤਣਾਅ, ਚਿੰਤਾ ਅਤੇ ਸਵੈ-ਚੇਤਨਾ ਵਿੱਚ ਵੀ ਯੋਗਦਾਨ ਪਾ ਸਕਦੀਆਂ ਹਨ, ਜਿਸ ਨਾਲ ਵਿਅਕਤੀ ਦੇ ਜੀਵਨ ਦੀ ਗੁਣਵੱਤਾ ਪ੍ਰਭਾਵਿਤ ਹੁੰਦੀ ਹੈ। ਇਸ ਮੌਕੇ ਮਲਟੀਪਰਪਜ਼ ਹੈਲਥ ਸੁਪਰਵਾਈਜਰ ਚਰਨਜੀਤ ਕੌਰ, ਮਲਟੀ ਪਰਪਜ਼ ਹੈਲਥ ਵਰਕਰ ਗੁਰਮੀਤ ਕੌਰ ਅਤੇ ਸਮੂਹ ਆਸ਼ਾ ਵਰਕਰਾਂ ਹਾਜ਼ਿਰ ਰਹੀਆਂ।

# ਪ੍ਰਧਾਨ ਮੰਤਰੀ ਆਵਾਸ ਯੋਜਨਾ(ਗ੍ਰਾਮੀਣ) ਅਧੀਨ ਸਰਕਾਰ ਵਲੋਂ ਵੱਧ ਤੋਂ ਵੱਧ ਯੋਗ ਲਾਭਪਾਤਰੀਆਂ ਨੂੰ ਮਕਾਨ ਮੁਹੱਈਆ ਕਰਵਾਉਣਾ ਕੇਂਦਰ ਸਰਕਾਰ ਦਾ ਮੁੱਖ ਟੀਚਾ-ਸੋਮ ਪ੍ਰਕਾਸ਼



ਲੁਧਿਆਣਾ/ ਫਗਵਾੜਾ ( ਸੁਸ਼ੀਲ ਸ਼ਰਮਾ) ਪ੍ਰਧਾਨ ਮੰਤਰੀ ਆਵਾਸ ਯੋਜਨਾ(ਗ੍ਰਾਮੀਣ) ਅਧੀਨ ਭਾਰਤ ਸਰਕਾਰ ਵਲੋਂ ਪਿੰਡਾਂ ਵਿੱਚ ਕੱਚੇ ਮਕਾਨਾਂ ਵਿੱਚ ਰਹਿ ਰਹੇ ਲੋੜਵੰਦਾਂ ਪਰਿਵਾਰਾਂ ਨੂੰ ਪੱਕੇ ਮਕਾਨ ਬਣਵਾ ਕੇ ਦੇਣ ਦੀ ਇਸ ਯੋਜਨਾਂ ਦਾ ਸਵਾਗਤ ਕਰਦਿਆਂ ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਵੱਲੋਂ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਜੀ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ।ਉਨਾਂ ਵਲੋਂ ਪ੍ਰਧਾਨ ਮੰਤਰੀ ਆਵਾਸ ਯੋਜਨਾ(ਗ੍ਰਾਮੀਣ) ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਲਾਭਪਾਤਰੀਆਂ ਨੂੰ ਨਵੇਂ ਘਰ ਬਨਾਉਣ ਲਈ 150,000/-ਦੇ ਲਗਭਗ ਰੁਪਏ ਤਿੰਨ ਕਿਸ਼ਤਾਂ ਵਿੱਚ ਰਾਸ਼ੀ ਜਾਰੀ ਜਾਰੀ ਕੀਤੀ ਜਾਵੇਗੀ। ਜਿਸ ਵਿੱਚ ਪਹਿਲੀ ਕਿਸ਼ਤ 25% (30,000/- ਰੁਪਏ) ਮਕਾਨ ਸੈਂਕਸ਼ਨ ਹੋਣ ਤੋਂ ਬਾਅਦ,ਦੂਜੀ ਕਿਸ਼ਤ 60% (72,000/- ਰੁ) ਦੀਵਾਰਾਂ ਦੇ ਲੈਂਟਰ ਲੇਵਲ ਤੇ ਪੁੱਜਣ ਤੇ ਅਤੇ ਤੀਸਰੀ ਕਿਸ਼ਤ 15% (18000/-ਰੁ) ਘਰ ਮੁਕੰਮਲ ਹੋਣ ਤੋਂ ਬਾਅਦ ਅਦਾ ਕੀਤੀ ਜਾਵੇਗੀ ਅਤੇ 30000/- ਰੁ. ਲੇਬਰ ਲਈ ਦਿੱਤੇ ਜਾਣਗੇ।ਇਹ ਰਾਸ਼ੀ ਸਿੱਧੀ ਲਾਭਪਾਤਰੀ ਦੇ ਖਾਤੇ ਵਿੱਚ ਭੇਜੀ ਜਾਂਦੀ ਹੈ। ਇਸ ਤੋਂ ਇਲਾਵਾ ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਨੇ ਦੱਸਿਆ ਕਿ ਮਨਰੇਗਾ ਤੋਂ ਸ਼ੋਚਾਲਿਆ ਦਾ ਪ੍ਰਬੰਧ, ਦੀਨ ਦਿਆਲ ਉਪਾਧਿਆਏ ਗ੍ਰਾਮੀਣ ਜਯੋਤੀ ਯੋਜਨਾ ਤੋਂ ਬਿਜਲੀ ਦਾ ਪ੍ਰਬੰਧ, ਨੈਸ਼ਨਲ ਰੂਰਲ ਡਰਿੰਕਿੰਗ ਵਾਟਰ ਪ੍ਰੋਗਰਾਮ ਤੋਂ ਪੀਣ ਵਾਲੇ ਪਾਣੀ ਦਾ ਪ੍ਰਬੰਧ ਅਤੇ ਉਜਵਲਾ ਯੋਜਨਾ ਤੋ ਗੈਸ ਚੁੱਲੇ ਦਾ ਪ੍ਰਬੰਧ ਆਦ ਯੋਜਨਾਵਾਂ ਦਾ ਵੀ ਦੇਸ਼ਵਾਸੀ ਲਾਭ ਲੈ ਰਹੇ ਹਨ।

ਸੋਮ ਪ੍ਰਕਾਸ਼ ਦੱਸਿਆ ਕਿ ਇਸ ਯੋਜਨਾ ਦੇ ਤਹਿਤ ਅਧੀਨ ਸਰਕਾਰ ਵਲੋਂ ਵੱਧ ਤੋਂ ਵੱਧ ਯੋਗ ਲੋੜਵੰਦ ਲਾਭਪਾਤਰੀਆਂ ਨੂੰ ਪੱਕੇ ਮਕਾਨ ਮੁਹੱਈਆ ਕਰਵਾਉਣਾ ਕੇਂਦਰ ਸਰਕਾਰ ਦਾ ਮੁੱਖ ਟੀਚਾ ਹੋਵੇਗਾ। ਉਨਾਂ ਨੇ ਕਿਹਾ ਕਿ ਕੇਂਦਰ ਸਰਕਾਰ ਹਮੇਸ਼ਾ ਸਮੇਂ-ਸਮੇਂ ਤੇ ਵੱਖ-ਵੱਖ ਸਕੀਮਾਂ ਰਾਹੀਂ ਜਨਤਾ ਦੀ ਭਲਾਈ ਲਈ ਹਮੇਸ਼ਾ ਤਤਪਰ ਰਹਿੰਦੀ ਹੈ।

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
Ambulance Service 24hrs.
FACILITIES AVAILABLE
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ 82880 21797 82880 21798
WWW.JSDCGROUP.COM
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements In Session 2022-23
18+ MOUs with Industries
upto 100% Scholarship Schemes*
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS SINCE 1958
EDUCATIONAL 64 YEARS EXCELLENCE
MORE THAN • 56 Colleges & Schools • 200 Merit Positions • 125 Companies For Placements • 75 Academic Courses • 2000 Placements In 2022-2023 • 42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.* • Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LLB. • B.COM. LLB • BBA.LLB. • LLB • PG DIPLOMA IN CYBER LAW
TEACHER / PHYSICAL EDUCATION
• BPES • B.Ed. • D.El.Ed. • B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
/stsoldiergroup www.stsoldiergroup.com
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565